


ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ, 06 ਜਨਵਰੀ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 205, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

**ਦੇਸ਼ਾਂ ਵਿਦੇਸ਼ਾਂ ਵਿੱਚ ਵਸਦੇ ਲੋਕ ਬਾਣੀ ਦੇ ਪਾਠਕਾਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ ਲੱਖ ਵਧਾਈਆਂ**




## ਦੱਖਣੀ ਲੇਬਨਾਨ ਤੋਂ ਪਿੱਛੇ ਹਟ ਜਾਓ ਜਾਂ ਜੰਗਬੰਦੀ ਦੇ ਟੁੱਟਣ ਦਾ ਖ਼ਤਰਾ , ਹਿਜ਼ਬੁੱਲਾ ਨੂੰ ਦਿੱਤੀ ਚਿਤਾਵਨੀ



ਤਲ ਅਵੀਵ ਲੋਕ ਬਾਣੀ- ਇਜ਼ਰਾਈਲ ਨੇ ਹਿਜ਼ਬੁੱਲਾ ਨੂੰ ਸਖ਼ਤ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਈਰਾਨ ਸਮਰਥਿਤ ਸਮੂਹ ਦੱਖਣੀ ਵਿਚ ਲਿਤਾਨੀ ਨਦੀ ਤੋਂ ਪਾਰ ਆਪਣੀਆਂ ਫੌਜਾਂ ਨੂੰ ਹਟਾਉਣ ਵਿਚ ਅਸਫਲ ਰਹਿੰਦਾ ਹੈ ਤਾਂ ਦੋਵਾਂ ਧਿਰਾਂ ਵਿਚਕਾਰ ਜੰਗਬੰਦੀ ਸਮਝੌਤਾ ਟੁੱਟ ਸਕਦਾ ਹੈ। ਲੇਬਨਾਨ, ਜਿਸ ਨੂੰ ਜੰਗਬੰਦੀ ਦੀਆਂ ਮੁੱਖ ਸ਼ਰਤਾਂ ਵਿਚੋਂ ਇਕ ਮੰਨਿਆ ਜਾਂਦਾ ਹੈ ।

## ਅਰੁਣਾਚਲ ਪ੍ਰਦੇਸ਼ ਚ ਜੰਮੀ ਝੀਲ ਚ ਧੱਸੇ ਸੈਲਾਨੀ



ਅਰੁਣਾਚਲ ਪ੍ਰਦੇਸ਼, ਲੋਕ ਬਾਣੀ- ਅਰੁਣਾਚਲ ਦਾ ਸੈਲਾ ਦੱਰਾ ਖੇਤਰ ਚ ਸੈਲਾਨੀ ਵੱਡੀ ਪੱਧਰ ਤੇ ਪਹੁੰਚਦੇ ਹਨ। ਪਰ ਇਥੇ ਵਾਪਰੀ ਇਕ ਘਟਨਾ ਦੀ ਵੀਡੀਓ ਨੇ ਸੋਸ਼ਲ ਮੀਡੀਆ ਤੇ ਲੋਕਾਂ ਦਾ ਧਿਆਨ ਖਿੱਚਿਆ ਹੈ। ਘਟਨਾ ਵਿਚ ਸੈਲਾਨੀਆਂ ਦਾ ਇਕ ਸਮੂਹ ਜੰਮੇ ਹੋਏ ਝੀਲ ਤੇ ਬਰਫ਼ ਦੇ ਅਚਾਨਕ ਟੁੱਟਣ ਤੋਂ ਬਾਅਦ ਜੰਮੇ ਪਾਣੀ ਵਿਚ ਡਿੱਗ ਗਿਆ। ਇਹ ਹਾਦਸਾ ਉਸ ਸਮੇਂ ਵਾਪਰਿਆ, ਜਦੋਂ ਸੈਲਾਨੀ ਬਰ.ਫ ਨਾਲ ਢਕੇ ਹੋਏ ਖੇਤਰ ਤੇ ਖੜੇ ਹੋਏ ਸਨ । ਘਟਨਾ ਦੀ ਵੀਡੀਓ ਸਾਹਮਣੇ ਆਉਣ ਤੇ ਕੇਂਦਰੀ ਮੰਤਰੀ ਕਿਰਨ ਰਿਜਿਜੂ ਨੇ ਵੀ ਅਰੁਣਾਚਲ ਦੇ ਸੇਲਾ ਦੱਰੇ ਦਾ ਦੌਰਾ ਕਰਨ ਵਾਲੇ ਸੈਲਾਨੀਆਂ ਲਈ ਸਲਾਹ ਸਾਂਝੀ ਕੀਤੀ।

## ਗੁਜਰਾਤ ਦੇ ਪੋਰਬੰਦਰ 'ਚ ਕੋਸਟ ਗਾਰਡ ਦਾ ਹੈਲੀਕਾਪਟਰ ਹਾਦਸਾਗ੍ਰਸਤ, ਤਿੰਨ ਹਲਾਕ



ਪੋਰਬੰਦਰ (ਗੁਜਰਾਤ) ਲੋਕ ਬਾਣੀ- ਭਾਰਤੀ ਕੋਸਟ ਗਾਰਡ (ਆਈਸੀਜੀ) ਦਾ ਹੈਲੀਕਾਪਟਰ ਐਤਵਾਰ ਦੁਪਹਿਰੇ ਗੁਜਰਾਤ ਦੇ ਪੋਰਬੰਦਰ ਵਿਚ ਲੈਂਡਿੰਗ ਮੌਕੇ ਹਾਦਸਾਗ੍ਰਸਤ ਹੋ ਗਿਆ। ਹਾਦਸੇ ਵਿਚ ਅਮਲੇ ਦੇ ਤਿੰਨ ਮੈਂਬਰਾਂ ਦੀ ਮੌਤ ਹੋ ਗਈ। ਪੋਰਬੰਦਰ ਦੇ ਐੱਸਪੀ ਭਰਤਸਿੰਹ ਜਡੇਜਾ ਨੇ ਕਿਹਾ ਕਿ ਹਾਦਸਾ ਦੁਪਹਿਰੇ 12:10 ਵਜੇ ਹੋਇਆ।ਭਾਰਤੀ ਕੋਸਟ ਗਾਰਡ ਦੇ ਐਡਵਾਂਸਡ ਲਾਈਟ ਹੈਲੀਕਾਪਟਰ (1*8) ਉੱਤੇ ਅਮਲੇ ਦੇ ਤਿੰਨ ਮੈਂਬਰ ਸਵਾਰ ਸਨ, ਜੋ ਬੁਰੀ ਤਰ੍ਹਾਂ ਝੁਲਸ ਗਏ ਤੇ ਉਨ੍ਹਾਂ ਨੂੰ ਪੋਰਬੰਦਰ ਦੇ ਹਸਪਤਾਲ ਲਿਜਾਇਆ ਗਿਆ। ਕਮਲਾ ਬਾਗ ਪੁਲੀਸ ਥਾਣੇ ਦੇ ਇੰਸਪੈਕਟਰ ਰਾਜੇਸ਼ ਕਨਮੀਆ ਨੇ ਕਿਹਾ ਕਿ ਅਮਲਾ ਮੈਂਬਰਾਂ ਨੇ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਹਸਪਤਾਲ ਵਿਚ ਦਮ ਤੋੜ ਦਿੱਤਾ।

## ਸੰਘਣੀ ਧੁੰਦ ਕਾਰਨ ਦਿੱਲੀ ਹਵਾਈ ਅੱਡੇ 'ਤੇ 100 ਤੋਂ ਵੱਧ ਉਡਾਣਾਂ ਪ੍ਰਭਾਵਿਤ



ਨਵੀਂ ਦਿੱਲੀ, ਲੋਕ ਬਾਣੀ- -ਦਿੱਲੀ ਹਵਾਈ ਅੱਡੇ 'ਤੇ ਐਤਵਾਰ ਨੂੰ ਖਰਾਬ ਮੌਸਮ ਕਾਰਨ 100 ਤੋਂ ਵੱਧ ਉਡਾਣਾਂ ਪ੍ਰਭਾਵਿਤ ਹੋਈਆਂ। ਇੱਕ ਅਧਿਕਾਰੀ ਨੇ ਕਿਹਾ ਕਿ ਹੁਣ ਤੱਕ ਕੋਈ ਉਡਾਣ ਦਾ ਰੂਟ ਨਹੀਂ ਬਦਲਿਆ ਗਿਆ ਅਤੇ ਨਾ ਹੀ ਕੋਈ ਉਡਾਣ ਰੱਦ ਕੀਤੀ ਗਈ ਹੈ। ਸੰਘਣੀ ਧੁੰਦ ਕਾਰਨ ਦਿਖਾਈ ਦੇਣ ਦੀ ਸਮਰੱਥਾ ਘੱਟ ਹੋਣ ਕਾਰਨ ਤਿੰਨ ਦਿਨਾਂ ਤੋਂ ਹਵਾਈ ਜਹਾਜ਼ ਮਿਥੇ ਸਮੇਂ ਤੋਂ ਦੇਰੀ ਨਾਲ ਉਡਾਣ ਭਰ ਰਹੇ ਹਨ। ਦਿੱਲੀ ਇੰਟਰਨੈਸ਼ਨਲ ਏਅਰਪੋਰਟ ਲਿਮਟਿਡ ਨੇ ਅੱਜ ਸਵੇਰੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ, "ਯਾਤਰੀਆਂ ਨੂੰ ਹਵਾਈ ਉਡਾਣਾਂ ਸਬੰਧੀ ਜਾਣਕਾਰੀ ਲਈ ਏਅਰਲਾਈਨ ਦੇ ਸੰਪਰਕ ਵਿੱਚ ਰਹਿਣ ਦੀ ਅਪੀਲ ਕੀਤੀ ਜਾਂਦੀ ਹੈ।" ਅਧਿਕਾਰੀਆਂ ਨੇ ਦੱਸਿਆ ਕਿ ਦਿੱਲੀ ਹਵਾਈ ਅੱਡੇ ਤੋਂ 100 ਤੋਂ ਵੱਧ ਉਡਾਣਾਂ ਦੇਰੀ ਨਾਲ ਚੱਲ ਰਹੀਆਂ ਹਨ

## ਕਿਸਾਨ ਆਗੂ ਡੱਲੇਵਾਲ ਦੀ ਸਿਹਤ ਵਿਗੜੀ



ਖੰਨਾ ਲੋਕ ਬਾਣੀ- ਖਨੌਰੀ ਸਰਹੱਦ 'ਤੇ ਸ਼ਨਿੱਚਰਵਾਰ ਨੂੰ ਹੋਈ ਕਿਸਾਨ ਮਹਾਪੰਚਾਇਤ ਦੌਰਾਨ ਸੰਬੋਧਨ ਮਗਰੋਂ ਕਿਸਾਨ ਨੇਤਾ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਵਿਗੜ ਗਈ। ਡਾਕਟਰਾਂ ਦੀ ਇੱਕ ਟੀਮ ਉਨ੍ਹਾਂ ਦੀ ਜਾਂਚ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਕਿਸਾਨ ਮਹਾਪੰਚਾਇਤ ਨੂੰ 11 ਮਿੰਟ ਤੱਕ ਸੰਬੋਧਨ ਕਰਨ ਮਗਰੋਂ ਕਿਸਾਨ ਨੇਤਾ ਜਗਜੀਤ ਸਿੰਘ ਡੱਲੇਵਾਲ ਨੀਮ ਬੇਹੋਸ਼ ਹੋ ਗਏ ਅਤੇ ਉਨ੍ਹਾਂ ਨੂੰ ਉਲਟੀ ਆਈ। ਡਾਕਟਰੀ ਟੀਮ ਨੇ ਦੱਸਿਆ ਕਿ ਬਲੱਡ ਪ੍ਰੈਸ਼ਰ ਘਟਣ ਕਾਰਨ ਡੱਲੇਵਾਲ ਨੂੰ ਵਾਪਸ ਟੈਂਟ ਵਿੱਚ ਲਿਆਂਦਾ ਗਿਆ। ਡੱਲੇਵਾਲ ਦੀ ਸਿਹਤ ਸਬੰਧੀ ਸੂਚਨਾ ਮਿਲਦਿਆਂ ਹੀ ਸਾਬਕਾ ਡੀਆਈਜੀ ਨਰਿੰਦਰ ਭਾਰਗਵ ਖਨੌਰੀ ਸਰਹੱਦ 'ਤੇ ਪੁੱਜੇ। ਨਰਿੰਦਰ ਭਾਰਗਵ ਕਿਸਾਨ ਆਗੂ ਨਾਲ ਇਸ ਤੋਂ ਪਹਿਲਾਂ ਗੱਲਬਾਤ ਕਰਨ ਗਏ ਅਧਿਕਾਰੀਆਂ 'ਚ ਸ਼ਾਮਲ ਸਨ।

## ਪਾਕਿਸਤਾਨ ਤੋਂ 89 ਸ਼ਰਧਾਲੂ ਅਟਾਰੀ ਸਰਹੱਦ ਰਾਹੀਂ ਅਜਮੇਰ ਸ਼ਰੀ.ਫ ਦੇ ਦਰਸ਼ਨਾਂ ਲਈ ਜਾਣਗੇ




ਅੰਮ੍ਰਿਤਸਰ, ਲੋਕ ਬਾਣੀ-- ਪਾਕਿਸਤਾਨ ਤੋਂ 89 ਸ਼ਰਧਾਲੂ ਅਟਾਰੀ ਸਰਹੱਦ ਰਾਹੀਂ ਅਜਮੇਰ ਸ਼ਰੀ.ਫ ਦੇ ਦਰਸ਼ਨਾਂ ਲਈ ਜਾਣਗੇ। ਪ੍ਰੋਟੋਕੋਲ ਅ.ਫਸਰ ਅਰੁਣ ਪਾਲ ਦਾ ਕਹਿਣਾ ਹੈ ਕਿ ਹਰ ਸਾਲ ਦੀ ਤਰ੍ਹਾਂ ਇਹ ਵ.ਫਦ ਪਾਕਿਸਤਾਨ ਤੋਂ ਇੱਥੇ ਆਇਆ ਹੈ। ਵੀਜ਼ਾ ਪ੍ਰਾਪਤ ਕਰਨ ਵਾਲੇ 102 ਲੋਕਾਂ ਵਿਚੋਂ 89 ਲੋਕ ਇੱਥੇ ਆਏ ਹਨ। ਉਨ੍ਹਾਂ ਦੀ ਸੁਰੱਖਿਆ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

## 84 ਸਿੱਖ ਵਿਰੋਧੀ ਦੰਗਿਆਂ ਦੇ ਪੀੜਤਾਂ ਲਈ ਨੌਕਰੀ ਦੇ ਮਾਪਦੰਡਾਂ 'ਚ ਛੋਟ ਨੂੰ ਮਨਜ਼ੂਰੀ



ਨਵੀਂ ਦਿੱਲੀ, ਲੋਕ ਬਾਣੀ-- ਦਿੱਲੀ ਦੇ ਉਪ ਰਾਜਪਾਲ ਵੀਕੇ ਸਕਸੈਨਾ ਨੇ ਦਿੱਲੀ ਸਰਕਰ ਤਹਿਤ ਨੌਕਰੀਆਂ ਲਈ ਅਰਜ਼ੀ ਦੇਣ ਵਾਲੇ ਸਾਰੇ 48 ਸਿੱਖ ਵਿਰੋਧੀ ਦੰਗਾ ਪੀੜਤਾਂ ਨੂੰ ਸਿੱਖਿਆ ਅਤੇ ਉਮਰ ਮਾਪਦੰਡਾਂ ਵਿੱਚ ਛੋਟ ਨੂੰ ਮਨਜ਼ੂਰੀ ਦੇ ਦਿੱਤੀ ਹੈ। ਰਾਜ ਨਿਵਾਸ ਦੇ ਇੱਕ ਅਧਿਕਾਰੀ ਨੇ ਅੱਜ ਇਹ ਜਾਣਕਾਰੀ ਦਿੱਤੀ।

ਉਨ੍ਹਾਂ ਦੱਸਿਆ ਕਿ ਬਿਨੈਕਾਰਾਂ ਨੂੰ ਲੋੜੀਂਦੀ ਵਿੱਦਿਅਕ ਯੋਗਤਾ ਵਿੱਚ ਛੋਟ ਦਿੱਤੀ ਗਈ ਹੈ ਅਤੇ ਸਾਰੇ 88 ਬਿਨੈਕਾਰਾਂ ਲਈ ਉਮਰ ਹੱਦ 55 ਸਾਲ ਤੱਕ ਵਧਾ ਦਿੱਤੀ ਗਈ ਹੈ। ਵੱਖ ਵੱਖ ਸਰਕਾਰੀ ਵਿਭਾਗਾਂ ਵਿੱਚ ਫੁਟਕਲ ਡਿਊਟੀ ਕਰਮਚਾਰੀਆਂ ਵਜੋਂ ਉਨ੍ਹਾਂ ਦੀ ਨਿਯੁਕਤੀ ਲਈ ਛੋਟ ਨੂੰ ਮਨਜ਼ੂਰੀ ਦਿੱਤੀ ਗਈ ਹੈ।

## ਪੰਜਾਬ ਦੇ ਮੁੱਖ ਸਕੱਤਰ ਤੇ ਡੀਜੀਪੀ ਖ਼ਿਲਾ.ਫ ਹੱਤਕ ਪਟੀਸ਼ਨ 'ਤੇ ਸੁਣਵਾਈ ਸੋਮਵਾਰ ਨੂੰ



ਨਵੀਂ ਦਿੱਲੀ, ਲੋਕ ਬਾਣੀ-- ਸੁਪਰੀਮ ਕੋਰਟ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮੈਡੀਕਲ ਸਹਾਇਤਾ ਮੁਹੱਈਆ ਕਰਵਾਉਣ ਸਬੰਧੀ ਦਿੱਤੇ ਨਿਰਦੇਸ਼ਾਂ ਦਾ ਪਾਲਣ ਨਾ ਕਰਨ 'ਤੇ ਪੰਜਾਬ ਦੇ ਮੁੱਖ ਸਕੱਤਰ ਤੇ ਡੀਜੀਪੀ ਖ਼ਿਲਾ.ਫ ਹੱਤਕ ਪਟੀਸ਼ਨ 'ਤੇ 6 ਜਨਵਰੀ ਨੂੰ ਸੁਣਵਾਈ ਕਰੇਗਾ। ਸੁਪਰੀਮ ਕੋਰਟ ਨੇ ਪਹਿਲਾਂ ਪੰਜਾਬ ਸਰਕਾਰ ਦੀ ਖਿਚਾਈ ਕੀਤੀ ਸੀ ਅਤੇ ਕਿਹਾ ਸੀ ਕਿ ਉਸ ਦੇ ਅਧਿਕਾਰੀ ਤੇ ਕੁਝ ਕਿਸਾਨ ਆਗੂ ਡੱਲੇਵਾਲ ਦਾ ਮਰਨ ਵਰਤ ਤੋੜਨ ਦੀਆਂ ਕੋਸ਼ਿਸ਼ਾਂ ਬਾਰੇ ਮੀਡੀਆ 'ਚ .ਗੈਰਜ਼ਿੰਮੇਵਾਰਾਨਾ ਬਿਆਨ ਦੇ ਰਹੇ ਹਨ। ਅਦਾਲਤ ਨੇ ਡੱਲੇਵਾਲ ਨੂੰ ਹਸਪਤਾਲ ਨਾ ਲਿਜਾਣ ਲਈ ਪੰਜਾਬ ਸਰਕਾਰ ਨੂੰ ਕਰਾਰੇ ਹੱਥੀਂ ਲਿਆ ਸੀ ਹਾਲਾਂਕਿ ਉਸ ਨੂੰ ਆਪਣੇ ਸੱਤਰ ਸਾਲਾ ਆਗੂ ਨੂੰ ਮੈਡੀਕਲ ਸਹਾਇਤਾ ਮੁਹੱਈਆ ਕਰਨ ਦਾ ਵਿਰੋਧ ਕਰਨ ਵਾਲੇ ਸੰਘਰਸ਼ੀ ਕਿਸਾਨਾਂ ਦੀ ਮਨਸ਼ਾ 'ਤੇ ਸ਼ੱਕ ਸੀ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਕੈਨੇਡਾ ਵਿੱਚ ਆਪਣੇ ਬੱਚਿਆਂ ਮਗਰ ਗਏ ਮਾਪਿਆਂ ਦੀਆਂ ਪੀਆਰ ਲੈਣ ਵਾਲੀਆਂ ਅਰਜ਼ੀਆਂ ਸਰਕਾਰ ਨੇ ਕੀਤੀਆਂ ਬੰਦ




-(ਲੋਕ ਬਾਣੀ ਕੈਨੇਡਾ ਸਰਕਾਰ ਲਗਾਤਾਰ ਆਪਣੇ ਪ੍ਰੋਗਰਾਮਾਂ ਵਿੱਚ ਅਦਲ ਬਦਲ ਕਰ ਰਹੀ ਹੈ। ਕੈਨੇਡਾ ਦੇ ਆਵਾਸ ਵਿਭਾਗ ਵੱਲੋਂ ਇਸ ਸਾਲ ਸੁਪਰ ਵੀਜ਼ਾ ਪ੍ਰੋਗਰਾਮ ਤਹਿਤ ਅਰਜ਼ੀਆਂ ਨਹੀਂ ਲਈਆਂ ਜਾਣਗੀਆਂ, ਹਾਲਾਂਕਿ ਇਹ ਵੀਜ਼ਾ ਪ੍ਰੋਗਰਾਮ ਜਾਰੀ ਰਹੇਗਾ। ਵਿਭਾਗ ਅਨੁਸਾਰ ਇਸ ਸਕੀਮ ਤਹਿਤ ਪਿਛਲੇ ਸਾਲਾਂ ਤੋਂ ਉਡੀਕ ਸੂਚੀ ਵਿੱਚ ਪਈਆਂ 15 ਹਜ਼ਾਰ ਅਰਜ਼ੀਆਂ ਦਾ ਨਿਬੇੜਾ ਇਸ ਸਾਲ ਦੇ ਅੰਤ ਤੱਕ ਕੀਤੇ ਜਾਣ ਦੇ ਯਤਨ ਕੀਤੇ ਜਾਣਗੇ। ਵਿਭਾਗ ਵਲੋਂ ਅਰਜ਼ੀਆਂ ਭਰਨ ਦੀ ਉਡੀਕ ਵਿੱਚ ਬੈਠੇ ਪੀਆਰ ਲੋਕਾਂ ਨੂੰ ਕਿਹਾ ਗਿਆ ਹੈ ਕਿ ਉਹ ਆਪਣੇ ਮਾਪਿਆਂ ਨੂੰ ਸੁਪਰ ਵੀਜ਼ੇ ਤਹਿਤ ਆਪਣੇ ਕੋਲ ਰੱਖਣ ਨੂੰ ਪਹਿਲ ਦੇਣ। ਸੁਪਰ ਵੀਜ਼ੇ ਦੀ ਮਿਆਦ ਪਹਿਲਾਂ ਹੀ ਪੰਜ ਸਾਲ ਕਰ ਦਿੱਤੀ ਗਈ ਹੈ। ਵਿਭਾਗ ਨੇ ਪੋਸਟ ਗਰੈਜੂਏਸ਼ਨ ਪ੍ਰੋਗਰਾਮ ਤਹਿਤ ਵਿਦੇਸ਼ਾਂ ਤੋਂ ਸੱਦੇ ਜਾਣ ਵਾਲੇ ਹੁਨਰਮੰਦ ਕਾਮਿਆਂ ਦੇ ਪੀਆਰ ਕੋਟੇ ’ਤੇ ਵੀ 20 ਫੀਸਦ ਕੱਟ ਲਾ ਕੇ 24500 ਕਰ ਦਿੱਤਾ ਹੈ। ਬੇਸ਼ੱਕ ਵਿਭਾਗ ਨੇ ਹਾਲ ਦੀ ਘੜੀ ਸਿਰਫ ਇਸ ਸਾਲ ਬਾਰੇ ਗੱਲ ਕੀਤੀ ਹੈ,ਪਰ ਵਿਭਾਗ ਦੇ ਅੰਦਰੂਨੀ ਸੂਤਰਾਂ ਅਨੁਸਾਰ ਇਹ ਰੋਕ, ਇਸ ਪ੍ਰੋਗਰਾਮ ਨੂੰ ਪੱਕੇ ਤੌਰ ’ਤੇ ਬੰਦ ਕਰਨ ਵੱਲ ਵਧਾਇਆ ਗਿਆ ਦੂਜਾ ਕਦਮ ਹੈ।

ਕਾਬਿਲੇਗੌਰ ਹੈ ਕਿ ਕੈਨੇਡਾ ਸਰਕਾਰ ਨੇ ਸਥਾਈ ਤੌਰ ’ਤੇ ਰਹਿੰਦੇ ਵਿਦੇਸ਼ੀ ਮੂਲ ਦੇ ਲੋਕਾਂ ਨੂੰ ਸਹੂਲਤ ਦਿੱਤੀ ਹੋਈ ਸੀ ਕਿ ਉਹ ਪਰਿਵਾਰ ਮਿਲਨ ਪ੍ਰੋਗਰਾਮ ਤਹਿਤ ਆਪਣੇ ਮਾਤਾ ਪਿਤਾ, ਦਾਦਾ ਦਾਦੀ ਤੇ ਨਾਨਾ ਨਾਨੀ ਨੂੰ ਪੱਕੇ ਤੌਰ ’ਤੇ ਕੈਨੇਡਾ ਸੱਦ ਸਕਦੇ ਹਨ। ਕਈ ਸਾਲਾਂ ਤੱਕ ਬੇਹਿਸਾਬੇ ਚਲਦੇ ਰਹੇ ਪ੍ਰੋਗਰਾਮ ’ਚ ਥੋੜ੍ਹਾ ਬਦਲਾਅ ਕਰਕੇ 2016 ਵਿਚ ਸਾਲਾਨਾ ਕੋਟਾ 5000 ਅਰਜ਼ੀਆਂ ਤੈਅ ਕੀਤਾ ਗਿਆ ਸੀ। ਤਿੰਨ ਸਾਲਾਂ ਤੋਂ ਅਰਜ਼ੀਆਂ ਤਾਂ ਲਈਆਂ ਜਾਂਦੀਆਂ ਰਹੀਆਂ, ਪਰ ਉਨ੍ਹਾਂ ਉੱਤੇ ਅੱਗੋਂ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ 2020 ਵਿਚ ਅਰਜ਼ੀ ਭਰਨ ਵਾਲੇ ਲੋਕ ਅਜੇ ਉਡੀਕ ਵਿੱਚ ਬੈਠੇ ਹਨ। ਵਿਭਾਗ ਨੇ ਕਿਹਾ ਕਿ ਇਸ ਸਾਲ ਸਿਰਫ ਪਹਿਲੇ ਅਰਜ਼ੀਦਾਤਿਆਂ ’ਚੋਂ ਘੱਟੋ-ਘੱਟ 15 ਹਜ਼ਾਰ ਅਰਜ਼ੀਆਂ ਦਾ ਨਿਬੇੜਾ ਕੀਤਾ ਜਾਏਗਾ ਤੇ ਇਸ ਦੌਰਾਨ ਨਵੀਆਂ ਅਰਜ਼ੀਆਂ ਨਹੀਂ ਲਈਆਂ ਜਾਣਗੀਆਂ। ਇਸ ਦੇ ਬਦਲ ਵਜੋਂ ਸਰਕਾਰ ਨੇ ਪਹਿਲਾਂ ਦੋ ਸਾਲ ਦੀ ਮਿਆਦ ਵਾਲਾ ਸੁਪਰ ਵੀਜ਼ਾ ਪ੍ਰੋਗਰਾਮ ਸ਼ੁਰੂ ਕੀਤਾ ਤੇ ਪਿਛਲੇ ਸਾਲ ਉਸ ਦੀ ਮਿਆਦ ਵਧਾ ਕੇ ਪੰਜ ਸਾਲ ਕਰ ਦਿੱਤੀ ਸੀ।

# ਪੰਜਾਬ ਚ 6 ਤੋਂ 8 ਜਨਵਰੀ ਤੱਕ ਪੀਆਰਟੀਸੀ ਬੱਸਾਂ ਦਾ ਚੱਕਾ ਜਾਮ




ਚੰਡੀਗੜ੍ਹ-(ਲੋਕ ਬਾਣੀ) ਪਨਬਸ ਪੀਆਰਟੀਸੀ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਨੇ ਮੋਗਾ ਵਿਖੇ ਪ੍ਰੈਸ ਕਾਨਫਰੰਸ ਕੀਤੀ। 6-7-8 ਜਨਵਰੀ ਨੂੰ ਮੁਕੰਮਲ ਤੌਰ ਤੇ ਕਰੀਬ 3 ਹਜ਼ਾਰ ਬੱਸਾਂ ਦਾ ਚੱਕਾ ਜਾਮ ਅਤੇ ਕਰੀਬ 8 ਹਜਾਰ ਮੁਲਾਜ਼ਮ ਹੜਤਾਲ ਤੇ ਰਹਿਣਗੇ। ਜੇ 8 ਜਨਵਰੀ ਤੱਕ ਸਾਡੀਆਂ ਮੰਗਾਂ ਨਾ ਮੰਨੀਆਂ ਤਾਂ ਦਿੱਲੀ ਵਿਖੇ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ ਬਾਹਰ ਦੇਵਾਂਗੇ ਅਣਮਿਥੇ ਸਮੇਂ ਲਈ ਧਰਨਾ।


# ਕਿਸਾਨ ਮਹਾਪੰਚਾਇਤ ਤੋਂ ਬਾਅਦ ਡੱਲੇਵਾਲ ਦੀ ਵਿਗੜੀ ਸਿਹਤ, ਸੰਬੋਧਨ ਕਰਨ ਤੋਂ ਬਾਅਦ ਆਇਆ ਚੱਕਰ, ਉਲਟੀਆਂ ਵੀ ਆਈਆਂ+



ਚੰਡੀਗੜ੍ਹ-(ਲੋਕ ਬਾਣੀ)ਹਰਿਆਣਾ-ਪੰਜਾਬ ਸਰਹੱਦ ਦੇ ਖਨੌਰੀ ਵਿਖੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ 41 ਦਿਨਾਂ ਤੋਂ ਮਰਨ ਵਰਤ ਤੇ ਬੈਠੇ ਹਨ। ਕੱਲ੍ਹ ਕਿਸਾਨ ਮਹਾਪੰਚਾਇਤ ਵਿੱਚ ਪਹੁੰਚਣ ਤੋਂ ਬਾਅਦ ਉਨ੍ਹਾਂ ਦੀ ਸਿਹਤ ਹੋਰ ਵਿਗੜ ਗਈ। ਸ਼ਨੀਵਾਰ ਨੂੰ ਖਨੌਰੀ ਵਿੱਚ ਕਿਸਾਨ ਮਹਾਪੰਚਾਇਤ ਦੌਰਾਨ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਵਿਗੜ ਗਈ। ਡਾਕਟਰਾਂ ਦੀ ਟੀਮ ਅਨੁਸਾਰ 11 ਮਿੰਟ ਦੇ ਸੰਬੋਧਨ ਤੋਂ ਬਾਅਦ ਡੱਲੇਵਾਲ ਨੂੰ ਚੱਕਰ ਆਉਣੇ ਅਤੇ ਉਲਟੀਆਂ ਆਉਣੀਆਂ ਸ਼ੁਰੂ ਹੋ ਗਈਆਂ। ਬਲੱਡ ਪ੍ਰੈਸ਼ਰ ਡਿੱਗਣ ਕਾਰਨ ਉਨ੍ਹਾਂ ਦੀ ਹਾਲਤ ਵਿਗੜ ਗਈ।

ਦੱਸ ਦੇਈਏ ਕਿ ਮਹਾਪੰਚਾਇਤ ਤੋਂ ਪਹਿਲਾਂ ਡੱਲੇਵਾਲ ਨੇ ਸ਼ੁੱਕਰਵਾਰ ਸ਼ਾਮ ਨੂੰ ਖ਼ੂਨ, ਪਿਸ਼ਾਬ ਅਤੇ ਈਸੀਜੀ ਟੈਸਟ ਕਰਵਾਏ ਸਨ। ਰਿਪੋਰਟਾਂ ਵਿੱਚ ਕਿਹਾ ਗਿਆ ਹੈ ਕਿ ਉਨ੍ਹਾਂ ਦੀ ਸਿਹਤ ਸਥਿਰ ਹੈ, ਜਿਸ ਤੋਂ ਬਾਅਦ ਉਨ੍ਹਾਂ ਨੂੰ ਐਂਬੂਲੈਂਸ ਵਿੱਚ ਸਟੇਜ ਤੇ ਲਿਜਾਇਆ ਗਿਆ। ਫਿਲਹਾਲ ਡਾਕਟਰ ਉਨ੍ਹਾਂ ਦੀ ਹਾਲਤ ਤੇ ਨਜ਼ਰ ਰੱਖ ਰਹੇ ਹਨ।

# ਪੁਲੀਸ ਵਿਭਾਗ ਨੇ ਆਪਣੇ 11 ਥਾਣੇਦਾਰ ਖਿਲਾਫ ਕੀਤੀ ਵੱਡੀ ਕਾਰਵਾਈ ਸਾਰੇ ਕੀਤੇ ਮੁਅੱਤਲ



-(ਲੋਕ ਬਾਣੀ ਪੁਲੀਸ ਵਿਭਾਗ ਰਾਜਸਥਾਨ ਨੇ 11 ਟ੍ਰੇਨੀ ਥਾਣੇਦਾਰਾਂ ਨੂੰ ਮੁਅੱਤਲ ਕਰ ਦਿੱਤਾ ਹੈ, ਜੋ ♥9 ਭਰਤੀ ਪ੍ਰੀਖਿਆ ਪੇਪਰ ਲੀਕ ਮਾਮਲੇ ਵਿੱਚ ਜੇਲ ਕੱਟ ਚੁੱਕੇ ਸਨ। ਭਰਤੀ ਪ੍ਰੀਖਿਆ ‘ਚ ਬੇਨਿਯਮੀਆਂ ਦੇ ਦੋਸ਼ ‘ਚ ਫੜੇ ਜਾਣ ਤੋਂ ਬਾਅਦ ਮੁਅੱਤਲ ਟਰੇਨੀ ਥਾਣੇਦਾਰ 48 ਘੰਟਿਆਂ ਤੋਂ ਵੱਧ ਸਮੇਂ ਤੋਂ ਜੇਲ ‘ਚ ਬੰਦ ਹੈ। ਉਨ੍ਹਾਂ ਵਿਰੁੱਧ ਮੁਅੱਤਲੀ ਦੀ ਇਹ ਕਾਰਵਾਈ ਫੜੇ ਜਾਣ ਤੋਂ 10 ਮਹੀਨੇ ਬਾਅਦ ਹੋਈ ਹੈ। ਵੱਡੀ ਗਿਣਤੀ ਵਿੱਚ ਸਿਖਿਆਰਥੀ ਥਾਣੇਦਾਰਾਂ ਨੂੰ ਇੱਕੋ ਸਮੇਂ ਮੁਅੱਤਲ ਕਰਨ ਨਾਲ ਉਨ੍ਹਾਂ ਦੇ ਬੈਚ ਦੇ ਹੋਰ ਥਾਣੇਦਾਰਾਂ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ।

ਇਸ ਮਾਮਲੇ ਵਿੱਚ ਸਰਕਾਰ ਤੋਂ ਮਨਜ਼ੂਰੀ ਨਾ ਮਿਲਣ ਕਾਰਨ ਉਨਾਂ ਖ਼ਿਲਾਫ਼ ਆਈਜੀ ਪੱਧਰ ’ਤੇ ਕਾਰਵਾਈ ਕੀਤੀ ਗਈ ਹੈ। ਇਹ ਸਿਖਿਆਰਥੀ ਥਾਣੇਦਾਰ ਜੈਪੁਰ, ਕੋਟਾ ਅਤੇ ਉਦੈਪੁਰ ਰੇਂਜਾਂ ਵਿੱਚ ਤਾਇਨਾਤ ਸਨ। ਇਨ੍ਹਾਂ ਵਿੱਚੋਂ ਏਕਤਾ, ਅਵਿਨਾਸ਼ ਅਤੇ ਸੁਰਜੀਤ ਨੂੰ ਜੈਪੁਰ ਰੇਂਜ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ। ਰਾਜੇਸ਼ਵਰੀ, ਦਿਨੇਸ਼ ਵਿਸ਼ਨੋਈ, ਮਨੋਹਰ, ਸ਼ਿਆਮ ਪ੍ਰਤਾਪ ਸਿੰਘ ਅਤੇ ਵਿਕਰਮਜੀਤ ਨੂੰ ਉਦੈਪੁਰ ਰੇਂਜ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ। ਇਨ੍ਹਾਂ ਤੋਂ ਇਲਾਵਾ ਕੋਟਾ ਰੇਂਜ ਤੋਂ ਮਾਲਾਰਾਮ ਵਿਸ਼ਨੋਈ, ਚੇਤਨ ਸਿੰਘ ਅਤੇ ਰੇਣੂ ਕੁਮਾਰੀ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।ਇਹ ਸਾਰੇ ਐਸਆਈ ਭਰਤੀ ਪ੍ਰੀਖਿਆ ਘੁਟਾਲੇ ਵਿੱਚ ਸ਼ਾਮਲ ਸਨ

ਭਰਤੀ ਪ੍ਰੀਖਿਆ ਘੁਟਾਲੇ ਵਿੱਚ ਸਾਰੇ ਐਸ.ਆਈ. ਇਸ ਮਾਮਲੇ ਵਿੱਚ ਫੜੇ ਜਾਣ ਤੋਂ ਬਾਅਦ ਉਹ ਜੇਲ੍ਹ ਵਿੱਚ ਵੀ ਸਮਾਂ ਕੱਟ ਚੁੱਕੇ ਹੈ। ਪਰ ਬਾਅਦ ‘ਚ ਉਹ ਜ਼ਮਾਨਤ ‘ਤੇ ਬਾਹਰ ਆ ਗਏ ਸੀ। ਉਦੈਪੁਰ ਰੇਂਜ ‘ਚ ਮੁਅੱਤਲ ਕੀਤੇ ਗਏ ਟਰੇਨੀ ਪੁਲਿਸ ਸਟੇਸ਼ਨ ਅਧਿਕਾਰੀਆਂ ਨੂੰ ਉਦੈਪੁਰ, ਚਿਤੌੜਗੜ੍ਹ, ਰਾਜਸਮੰਦ ‘ਚ ਤਾਇਨਾਤ ਕੀਤਾ ਗਿਆ ਸੀ। ਇਨ੍ਹਾਂ ਵਿੱਚੋਂ ਸ਼ਿਆਮ ਪ੍ਰਤਾਪ ਸਿੰਘ ਅਤੇ ਵਿਕਰਮਜੀਤ ਵਿਸ਼ਨੋਈ ਨੂੰ ਉਦੈਪੁਰ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ। ਦਿਨੇਸ਼ ਵਿਸ਼ਨੋਈ ਅਤੇ ਮਨੋਹਰ ਲਾਲ ਵਿਸ਼ਨੋਈ ਨੂੰ ਚਿਤੌੜਗੜ੍ਹ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ। ਰਾਜਸਮੰਦ ‘ਚ ਤਾਇਨਾਤ ਰਾਜੇਸ਼ਵਰੀ ਵਿਸ਼ਨੋਈ ਵੀ ਮੁਅੱਤਲ ਹੋ ਗਈ।

# ਟਰਾਂਸਪੋਰਟਰਾਂ ਤੋਂ ਲੱਖਾਂ ਰੁਪਏ ਦੀ ਰਿਸ਼ਵਤ ਲੈਣ ਵਾਲਾ ਖੇਤਰੀ ਟਰਾਂਸਪੋਰਟ ਅਧਿਕਾਰੀ ਗੰਨਮੈਨ ਵਿਜੀਲੈਂਸ ਵਿਭਾਗ ਵੱਲੋਂ ਕਾਬੂ

ਚੰਡੀਗੜ੍ਹ -(ਲੋਕ ਬਾਣੀ : ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਰਿਜਨਲ ਟਰਾਂਸਪੋਰਟ ਅਥਾਰਟੀ (ਆਰ. ਟੀ.ਏ.) ਬਠਿੰਡਾ ਨਾਲ ਗੰਨਮੈਨ ਵਜੋਂ ਤਾਇਨਾਤ ਸਿਪਾਹੀ ਸੁਖਪ੍ਰੀਤ ਸਿੰਘ ਨੂੰ ਆਪਣੇ ਸਾਥੀਆਂ ਦੀ ਮੱਦਦ ਨਾਲ ਟਰਾਂਸਪੋਰਟਰਾਂ ਤੋਂ ਕਰੀਬ 20-25 ਲੱਖ ਰੁਪਏ ਦੀ ਮਹੀਨਾਵਾਰ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਹੈ। ਮੁਹਾਲੀ ਅਦਾਲਤ ਨੇ ਉਸ ਨੂੰ ਹੋਰ ਪੁੱਛਗਿੱਛ ਲਈ ਚਾਰ ਦਿਨ ਦੇ ਪੁਲੀਸ ਰਿਮਾਂਡ 'ਤੇ ਵਿਜੀਲੈਂਸ ਬਿਊਰੋ ਦੀ ਹਿਰਾਸਤ ਵਿੱਚ ਭੇਜ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫਤਾਰੀ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉਪਰ ਬਠਿੰਡਾ ਜ਼ਿਲ੍ਹੇ ਦੇ ਰਾਮਪੁਰਾ ਕਸਬੇ ਨੇੜਲੇ ਪਿੰਡ ਲਹਿਰਾ ਧੂਰਕੋਟ ਦੇ ਇੱਕ ਟਰਾਂਸਪੋਰਟਰ ਧਰਮ ਸਿੰਘ ਵੱਲੋਂ ਕੀਤੀ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਸਹਾਇਕ ਟਰਾਂਸਪੋਰਟ ਅਫ਼ਸਰ (ਏ.ਟੀ.ਓ.) ਵੱਲੋਂ ਉਸਦੇ ਟਰੱਕਾਂ ਅਤੇ ਟਿੱਪਰਾਂ ਦੇ ਚਲਾਨ ਕੀਤੇ ਜਾ ਰਹੇ ਸਨ ਅਤੇ ਸਿਪਾਹੀ ਸੁਖਪ੍ਰੀਤ ਸਿੰਘ ਅਤੇ ਕਸਬਾ ਮੌੜ ਜ਼ਿਲ੍ਹਾ ਬਠਿੰਡਾ ਦਾ ਵਾਸੀ ਜੱਗੀ ਸਿੰਘ ਉਸ ਤੋਂ ਅੰਕਿਤ ਕੁਮਾਰ, ਸਹਾਇਕ ਟਰਾਂਸਪੋਰਟ ਅਫ਼ਸਰ (ਏ. ਟੀ. ਓ.) ਬਠਿੰਡਾ ਅਤੇ ਹੋਰਾਂ ਦੇ ਨਾਂ 'ਤੇ ਉਸ (ਸ਼ਿਕਾਇਤਕਰਤਾ) ਦੇ ਢੋਆ-ਢੁਆਈ ਵਾਲੇ ਟਰੱਕ/ਟਿੱਪਰਾਂ ਨੂੰ ਜੁਰਮਾਨੇ ਤੋਂ ਬਚਾਉਣ ਬਦਲੇ ਪ੍ਰਤੀ ਟਰੱਕ 1800 ਰੁਪਏ ਪ੍ਰਤੀ ਮਹੀਨਾ "ਸੁਰੱਖਿਆ ਰਾਸ਼ੀ" ਦੀ ਮੰਗ ਕਰ ਰਹੇ ਹਨ। ਉਕਤ ਏ.ਟੀ.ਓ. ਨੇ ਸ਼ਿਕਾਇਤਕਰਤਾ ਦੇ ਖੜੇ ਹੋਏ ਟਰੱਕਾਂ ਦੇ ਚਲਾਨ ਕੀਤੇ ਸਨ ਅਤੇ ਦਬਾਅ ਹੇਠ ਉਸਨੇ ਉਕਤ ਏ.ਟੀ.ਓ. ਦੇ ਗੰਨਮੈਨ ਗੁਰਾਂਜੀਤ ਸਿੰਘ ਦੁਆਰਾ ਦਿੱਤੇ ਮੋਬਾਈਲ ਫ਼ੋਨ ਨੰਬਰ 'ਤੇ ਗੂਗਲ ਪੇਅ ਰਾਹੀਂ 15000 ਰੁਪਏ ਅਦਾ ਕੀਤੇ ਸਨ। ਸ਼ਿਕਾਇਤਕਰਤਾ ਨੇ ਮੁਲਜ਼ਮਾਂ ਨਾਲ ਕੀਤੀ ਗੱਲਬਾਤ ਰਿਕਾਰਡ ਕਰ ਲਈ ਸੀ, ਜੋ ਕਿ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ ਹੈ। ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਦੋਸ਼ਾਂ ਦੇ ਸਹੀ ਹੋਣ ਤਸਦੀਕ ਕੀਤੀ ਗਈ ਕਿਉਂਕਿ ਦੋਸ਼ੀ ਮੁਲਾਜ਼ਮ ਸ਼ਿਕਾਇਤਕਰਤਾ ਦੇ ਟਰਾਂਸਪੋਰਟ ਵਾਹਨਾਂ ਨੂੰ ਬਿਨਾਂ ਰੋਕ-ਟੋਕ ਦੇ ਚੱਲਣ ਦੇਣ ਬਦਲੇ ਰਿਸ਼ਵਤ ਦੀ ਮੰਗ ਕਰਦਾ ਪਾਇਆ ਗਿਆ। ਸ਼ਿਕਾਇਤਕਰਤਾ ਦੇ ਬਿਆਨਾਂ ਅਤੇ ਆਡੀਓ ਸਬੂਤਾਂ ਦੇ ਆਧਾਰ 'ਤੇ ਸਿਪਾਹੀ ਸੁਖਪ੍ਰੀਤ ਸਿੰਘ ਅਤੇ ਜੱਗੀ ਸਿੰਘ ਦੇ ਖਿਲਾਫ ਵਿਜੀਲੈਂਸ ਬਿਊਰੋ ਪੁਲਿਸ ਥਾਣਾ, ਫਲਾਇੰਗ ਸਕੁਐਡ-1,



ਪੰਜਾਬ, ਮੋਹਾਲੀ ਵਿਖੇ ਐਫਆਈਆਰ ਦਰਜ ਕੀਤੀ ਗਈ ਹੈ। ਫਲਾਇੰਗ ਸਕੁਐਡ ਦੀ ਟੀਮ ਵੱਲੋਂ ਪੁੱਛਗਿੱਛ 'ਤੇ ਸਿਪਾਹੀ ਸੁਖਪ੍ਰੀਤ ਸਿੰਘ ਨੇ ਟਰਾਂਸਪੋਰਟਰਾਂ ਤੋਂ ਰਿਸ਼ਵਤ ਮੰਗਣ ਅਤੇ ਲੈਣ ਦੀ ਗੱਲ ਕਬੂਲ ਲਈ ਹੈ। ਬੁਲਾਰੇ ਨੇ ਅੱਗੇ ਖੁਲਾਸਾ ਕੀਤਾ ਕਿ ਇਨ੍ਹਾਂ ਵਿਅਕਤੀਆਂ ਅਤੇ ਸਾਥੀਆਂ ਦੁਆਰਾ ਟਰਾਂਸਪੋਰਟਰਾਂ ਤੋਂ ਲਗਭਗ 20-25 ਲੱਖ ਰੁਪਏ ਮਹੀਨਾਵਾਰ ਵਸੂਲੇ ਜਾ ਰਹੇ ਸਨ। ਪੁੱਛਗਿੱਛ ਦੌਰਾਨ ਸਿਪਾਹੀ ਸੁਖਪ੍ਰੀਤ ਸਿੰਘ ਨੇ ਦੱਸਿਆ ਕਿ ਰਿਸ਼ਵਤ ਲੈਣ ਲਈ ਜੱਗੀ ਸਿੰਘ ਅਤੇ ਕੁਝ ਛੋਟੇ ਟਰਾਂਸਪੋਰਟਰਾਂ ਸਮੇਤ ਆਮ ਵਿਅਕਤੀਆਂ ਦੀ ਮਦਦ ਲਈ ਜਾਂਦੀ ਸੀ। ਉਸ ਨੇ ਇਹ ਵੀ ਖੁਲਾਸਾ ਕੀਤਾ ਕਿ ਏ.ਟੀ.ਓ. ਅੰਕਿਤ ਕੁਮਾਰ ਦਾ ਇੱਕ ਹੋਰ ਗੰਨਮੈਨ ਸਿਪਾਹੀ ਗੁਰਾਂਜੀਤ ਸਿੰਘ ਟਰਾਂਸਪੋਰਟਰਾਂ ਤੋਂ 8-10 ਲੱਖ ਰੁਪਏ ਮਹੀਨਾ ਵਸੂਲਦਾ ਸੀ, ਜਦਕਿ ਬਾਕੀ ਟਰਾਂਸਪੋਰਟਰਾਂ ਤੋਂ ਉਹ ਖੁਦ 7-8 ਲੱਖ ਰੁਪਏ ਵਸੂਲਦਾ। ਬੁਲਾਰੇ ਨੇ ਅੱਗੇ ਕਿਹਾ ਕਿ ਏ.ਟੀ.ਓ. ਬਠਿੰਡਾ, ਉਸਦੇ ਗੰਨਮੈਨ ਗੁਰਾਂਜੀਤ ਸਿੰਘ ਅਤੇ ਹੋਰ ਵਿਅਕਤੀਆਂ ਦੀ ਭੂਮਿਕਾ ਜਾਂਚ ਅਧੀਨ ਹੈ ਅਤੇ ਉਹਨਾਂ ਨੂੰ ਜਾਂਚ ਵਿੱਚ ਸ਼ਾਮਲ ਤਫਤੀਸ਼ ਹੋਣ ਲਈ ਬੁਲਾਇਆ ਗਿਆ ਹੈ ਤਾਂ ਜੋ ਉਹਨਾਂ ਨੂੰ ਸੁਖਪ੍ਰੀਤ ਸਿੰਘ ਵੱਲੋਂ ਕੀਤੇ ਗਏ ਇਕਬਾਲੀਆ ਬਿਆਨ ਸਮੇਤ ਹੋਰ ਸਬੂਤਾਂ ਦੇ ਅਧਾਰ 'ਤੇ ਸਾਹਮਣੇ ਬਿਠਾ ਕੇ ਪੁੱਛਗਿੱਛ ਕੀਤੀ ਜਾ ਸਕੇ। ਬੁਲਾਰੇ ਨੇ ਕਿਹਾ ਕਿ ਇਸ ਜਾਂਚ ਦੇ ਅੱਗੇ ਵਧਣ ਨਾਲ ਹੋਰ ਖੁਲਾਸੇ ਹੋਣ ਦੀ ਉਮੀਦ ਹੈ।

# ਚਾਈਨਾ ਡੋਰ ਵੇਚਣ ਵਾਲੇ ਦੁਕਾਨਦਾਰੋ ਬਾਜ਼ ਆਜੋ, ਨਹੀਂ ਤਾਂ ਪੰਦਰਾਂ ਲੱਖ ਵਿੱਚ ਵੱਡੇ ਜਾਵੋਗੇ,ਸਰਕਾਰ ਦਾ ਸਖ਼ਤ ਐਲਾਨ

-(ਲੋਕ ਬਾਣੀ ਪੰਜਾਬ ਵਿੱਚ ਖਤਰਨਾਕ ਚਾਈਨਾ ਡੋਰ ਨਾਲ ਵਾਪਰ ਰਹੀਆਂ ਘਟਨਾਵਾਂ ਰੋਕਣ ਲਈ ਸਖ਼ਤ ਹੁਕਮ ਕਰ ਦਿੱਤੇ ਹਨ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਚਾਈਨਾ ਡੋਰ ਵੇਚਣ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜਾਰੀ ਹੁਕਮਾਂ ਅਨੁਸਾਰ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਖਿਲਾਫ 1986 ਦੇ ਕਾਨੂੰਨ ਤਹਿਤ ਕਾਰਵਾਈ ਹੋਵੇਗੀ ਅਤੇ 15 ਲੱਖ ਤੱਕ ਦਾ ਜੁਰਮਾਨਾ ਹੋਵੇਗਾ। ਇਸਤੋਂ ਇਲਾਵਾ ਚਾਈਨਾ ਡੋਰ ਫੜਵਾਉਣ ਵਾਲਿਆਂ ਲਈ ਨਕਦ ਇਨਾਮ ਦਾ ਐਲਾਨ ਵੀ ਕੀਤਾ ਗਿਆ ਹੈ।

ਵਿਭਾਗ ਵੱਲੋਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਵਾਤਾਵਰਨ (ਸੁਰੱਖਿਆ) ਐਕਟ, 1986 ਦੀ ਧਾਰਾ 11, ਧਾਰਾ 5 ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ, ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਪੰਜਾਬ ਰਾਜ ਵਿੱਚ ਚਾਈਨਾ



ਡੋਰ/ਮਾਂਝਾ ਸਮੇਤ ਨਾਈਲੋਨ, ਪਲਾਸਟਿਕ ਜਾਂ ਕਿਸੇ ਹੋਰ ਸਿੰਥੈਟਿਕ ਸਮੱਗਰੀ ਦੀ ਬਣੀ ਪਤੰਗ ਉਡਾਉਣ ਵਾਲੀ ਤਾਰ/ ਕੱਚ ਦੀ ਬਣੀ ਹੋਈ ਪਤੰਗ ਉਡਾਉਣ ਵਾਲੀ ਤਾਰ ਜਾਂ ਕਿਸੇ ਵੀ ਤਿੱਖੇ ਪਦਾਰਥ ਨਾਲ ਲੇਪ ਵਾਲੀ ਕਿਸੇ ਵੀ ਸਿੰਥੈਟਿਕ ਸਤਰ ਦੇ ਨਿਰਮਾਣ, ਵਿਕਰੀ, ਸਟੋਰੇਜ, ਖਰੀਦ, ਸਪਲਾਈ, ਆਯਾਤ ਅਤੇ ਵਰਤੋਂ 'ਤੇ ਪੂਰਨ ਪਾਬੰਦੀ ਹੋਵੇਗੀ।


ਉਲੰਘਣਾ ਅਤੇ ਸਜ਼ਾ

ਜੇਕਰ ਕੋਈ ਵਿਅਕਤੀ ਵਾਤਾਵਰਨ (ਸੁਰੱਖਿਆ) ਐਕਟ, 1986 ਦੇ ਉਪਬੰਧਾਂ ਜਾਂ ਇਸ ਤਹਿਤ ਬਣਾਏ ਗਏ ਨਿਯਮਾਂ ਅਧੀਨ ਜਾਰੀ ਹਦਾਇਤਾਂ ਦੀ ਉਲੰਘਣਾ ਕਰਦਾ ਹੈ, ਤਾਂ ਉਸ ਨੂੰ 10,000 ਰੁਪਏ ਤੋਂ ਲੈਕੇ 15 ਲੱਖ ਰੁਪਏ ਤੱਕ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ

ਚਾਈਨਾ ਡੋਰ ਫੜਾਉਣ ਵਾਲੇ ਨੂੰ ਇਨਾਮ ਦਾ ਐਲਾਨ

ਜੇਕਰ ਕੋਈ ਵਿਅਕਤੀ ਚਾਈਨਾ ਡੋਰ 'ਤੇ ਆਉਂਦਾ ਹੈ ਤਾਂ ਇਸ ਸਬੰਧੀ ਜਾਣਕਾਰੀ ਟੋਲ ਫਰੀ ਨੰਬਰ 1800-180-2810 'ਤੇ ਦਿੱਤੀ ਜਾਵੇ। ਜਾਣਕਾਰੀ ਦੇਣ ਵਾਲੇ ਵਿਅਕਤੀ ਨੂੰ 25,000 ਰੁਪਏ ਤੱਕ ਦਾ ਇਨਾਮ ਦਿੱਤਾ ਜਾਵੇਗਾ (ਨਿਯਮ ਅਤੇ ਸ਼ਰਤਾਂ ਲਾਗੂ ਹਨ) ਅਤੇ ਉਸਦਾ ਨਾਮ ਗੁਪਤ ਰੱਖਿਆ ਜਾਵੇਗਾ।

# ਚੰਡੀਗੜ੍ਹ ਚ ਹਰਿਆਣਾ ਸਕੱਤਰੇਤ ਦੀ ਤੀਜੀ ਮੰਜ਼ਿਲ ਚ ਲੱਗੀ ਅੱਗ, ਜਰੂਰੀ ਰਿਕਾਰਡ ਸੜ ਕੇ ਸੁਆਹ ; ਜਾਨੀ ਨੁਕਸਾਨ ਤੋਂ ਬਚਾਅ



ਚੰਡੀਗੜ੍ਹ--(ਲੋਕ ਬਾਣੀ ਚੰਡੀਗੜ੍ਹ ਦੇ ਸੈਕਟਰ-17 ਸਥਿਤ ਹਰਿਆਣਾ ਸਿਵਲ ਸਕੱਤਰੇਤ ਦੀ ਤੀਜੀ ਮੰਜ਼ਿਲ ਚ ਐਤਵਾਰ ਨੂੰ ਅਚਾਨਕ ਅੱਗ ਲੱਗ ਗਈ। ਘਟਨਾ ਸ਼ਾਮ ਕਰੀਬ 4 ਵਜੇ ਵਾਪਰੀ। ਇਮਾਰਤ ਨੂੰ ਅੱਗ ਲੱਗਦੇ ਹੀ ਬਾਹਰ ਲੋਕਾਂ ਚ ਭਗਦੜ ਮੱਚ ਗਈ। ਇਮਾਰਤ ਚੋਂ ਧੂੰਆਂ ਨਿਕਲਦਾ ਦੇਖਿਆ ਤਾਂ ਲੋਕਾਂ ਨੇ ਫਾਇਰ ਬ੍ਰਿਗੇਡ ਨੂੰ ਸੂਚਨਾ ਦਿੱਤੀ। ਇਸ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਥੋੜ੍ਹੇ ਸਮੇਂ ਵਿੱਚ ਮੌਕੇ 'ਤੇ ਪਹੁੰਚ ਕੇ ਕਰੀਬ ਇੱਕ ਘੰਟੇ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਅੱਗ ਵਿੱਚ ਇੱਥੇ ਚੱਲ ਰਹੇ ਦਫ਼ਤਰ ਦਾ ਅਹਿਮ ਰਿਕਾਰਡ ਸੜ ਜਾਣ ਦਾ ਖ਼ਦਸ਼ਾ ਹੈ। ਖੁਸ਼ਕਿਸਮਤੀ ਰਹੀ ਕਿ ਐਤਵਾਰ ਹੋਣ ਕਾਰਨ ਛੁੱਟੀ ਸੀ, ਨਹੀਂ ਤਾਂ ਜਾਨੀ ਨੁਕਸਾਨ ਹੋ ਸਕਦਾ ਸੀ।

ਚਸ਼ਮਦੀਦਾਂ ਨੇ ਦੱਸਿਆ ਕਿ ਅੱਜ ਸ਼ਾਮ ਕਰੀਬ 4.10 ਵਜੇ ਹਰਿਆਣਾ ਦੇ ਨਿਊ ਸਕੱਤਰੇਤ ਭਵਨ (ਸੈਕਟਰ-17) ਤੋਂ ਧੂੰਆਂ ਨਿਕਲਦਾ ਦੇਖਿਆ ਗਿਆ। ਇਮਾਰਤ ਦੀ ਤੀਜੀ ਮੰਜ਼ਿਲ ਤੋਂ ਧੂੰਆਂ ਨਿਕਲ ਰਿਹਾ ਸੀ। ਲੋਕਾਂ ਨੇ ਇਸ ਦੀ ਸੂਚਨਾ ਸਬੰਧਤ ਥਾਣੇ ਨੂੰ ਦਿੱਤੀ। ਇਸ ਤੋਂ ਬਾਅਦ ਫਾਇਰ ਵਿਭਾਗ ਨੂੰ ਸੁਨੇਹਾ ਭੇਜਿਆ ਗਿਆ। ਅੱਗ ਬੁਝਾਉਣ ਲਈ ਪਹਿਲਾਂ ਸਿਰਫ਼ ਇੱਕ ਗੱਡੀ ਮੌਕੇ ਤੇ ਪਹੁੰਚੀ ਸੀ। ਇਸ ਤੋਂ ਬਾਅਦ ਚਾਰ ਹੋਰ ਗੱਡੀਆਂ ਨੂੰ ਮੌਕੇ 'ਤੇ ਬੁਲਾਇਆ ਗਿਆ। ਫਾਇਰ ਅਧਿਕਾਰੀਆਂ ਦਾ ਕਹਿਣਾ ਹੈ ਕਿ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ।

# ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕੱਢੇ ਗਏ ਨਗਰ ਕੀਰਤਨ

ਗਿੱਦੜਬਾਹਾ (ਲੋਕ ਬਾਣੀ) ਅੱਜ ਗਿੱਦੜਬਾਹਾ ਮੰਡੀ ਦੇ ਸ਼੍ਰੀ ਗੁਰੂ ਅਮਰਦਾਸ ਜੀ ਗੁਰਦੁਆਰਾ ਸਾਹਿਬ ਕਮੇਟੀ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ ਇਹੇ ਨਗਰ ਕੀਰਤਨ ਸ੍ਰੀ ਗੁਰੂ ਅਮਰਦਾਸ ਗੁਰਦੁਆਰਾ ਸਾਹਿਬ ਤੋਂ ਚੱਲ ਕੇ ਸ਼ਹਿਰ ਦੇ ਵੱਖ ਵੱਖ ਬਾਜ਼ਾਰਾਂ ਵਿੱਚੋਂ ਹੁੰਦਿਆਂ ਹੋਇਆਂ ਸ਼ਹਿਰ ਦੀਆਂ ਸੰਗਤਾਂ ਵੱਲੋਂ ਥਾ ਥਾ ਤੇ ਚਾਹ, ਅਤੇ ਬਿਸਕੁਟਾਂ,ਮੱਠੀਆਂ, ਸਮੋਸੇ ਚਾਹ ਦੇ ਲੰਗਰ ਮਾਤਾ ਸੰਤੋਸ਼ੀ ਹਸਪਤਾਲ ਦੇ ਡਾਕਟਰਾਂ ਵੱਲੋਂ ਲਗਾਇਆ ਗਿਆ ਅਤੇ ਨਗਰ ਕੀਰਤਨ ਦੇ ਨਾਲ ਚੱਲ ਰਹੀ ਸੰਗਤ ਨੂੰ ਵਰਤਾਇਆ ਗਿਆ ਇਸ ਤੋਂ ਇਲਾਵਾ ਸ਼ਹਿਰ ਦੇ ਹੋਰ ਲੋਕਾਂ ਵੱਲੋਂ ਵੀ ਚਾਹ ਮੱਠੀਆਂ ਦੇ ਲੰਗਰ ਲਗਾਇਆ ਗਿਆ



ਇਸ ਮੌਕੇ ਤੇ ਗਿੱਦੜਬਾਹਾ ਦੇ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਨਗਰ ਕੀਰਤਨ ਵਿੱਚ ਸ਼ਾਮਿਲ ਹੋ ਕੇ ਗੁਰੂ ਗ੍ਰੰਥ ਸਾਹਿਬ ਅੱਗੇ ਨਮਸਤਕ ਹੋਏ ਅਤੇ ਰਾਜਾ ਵੜਿੰਗ ਸਾਹਿਬ ਨੂੰ ਸ੍ਰੀ ਗੁਰੂ ਅਮਰਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂਆਂ ਵੱਲੋਂ ਚਿਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਉਨ੍ਹਾਂ ਦੇ ਨਾਲ ਕਾਂਗਰਸ ਪਾਰਟੀ ਦੇ ਆਗੂ ਦੀਪਕ ਗਰਗ, ਬਿੱਟੂ ਗਾਂਧੀ ਐਮ ਸੀ ਨਗਰ ਕੌਂਸਲ ਗਿੱਦੜਬਾਹਾ, ਅਤੇ ਨਗਰ ਕੌਂਸਲ ਦੇ ਪ੍ਰਧਾਨ ਨਰਿੰਦਰ ਮੁਜਾਲ ਬਿੰਨਟਾਂ ਅਰੋੜਾ, ਬਿੱਟੂ ਸਚਦੇਵਾ ਡੇਅਰੀ ਵਾਲਾ ਐਮ ਸੀ , ਅਤੇ ਹੋਰ ਕਾਂਗਰਸੀ ਆਗੂ ਵੀ ਅਤੇ ਸਿੱਖ ਸੰਗਤਾਂ ਵੀ ਅਤੇ ਗਗਨ ਮੱਕੜ,ਹੈਪੀ ਮੱਕੜ, ਅਤੇ ਸ੍ਰੀ ਗੁਰੂ ਅਮਰਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਭਾਰੀ ਮਾਤਰਾ ਵਿੱਚ ਬੀਬੀਆਂ ਵੀ ਹਾਜ਼ਰ ਸਨ।

# ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਵਿਖੇ ਕੰਬਲ ਵੰਡ ਕੇ ਮਨਾਇਆ ਨਵਾਂ ਸਾਲ



ਫਗਵਾੜਾ ( ਸੁਸ਼ੀਲ ਸ਼ਰਮਾ ) ਸਥਾਨਕ ਗੁਰੂ ਹਰਗੋਬਿੰਦ ਨਗਰ ਸਥਿਤ ਬਲੱਡ ਬੈਂਕ ਵਿਖੇ ਹਰ ਸਾਲ ਦੀ ਤਰ੍ਹਾਂ ਨਵੇਂ ਸਾਲ 2025 ਦਾ ਸਵਾਗਤ ਗਰਮ ਕੰਬਲ ਵੰਡ ਕੇ ਕੀਤਾ ਗਿਆ। ਜਿਸ ਵਿਚ ਬਤੌਰ ਮੁੱਖ ਮਹਿਮਾਨ ਬਾਬਾ ਮਨਜੀਤ ਸਿੰਘ ਬੇਦੀ ਸ਼ਾਮਲ ਹੋਏ। ਉਹਨਾਂ ਦੇ ਨਾਲ ਸ਼ਿੰਦਰ ਪਾਲ ਸਿੰਘ ਐਨ.ਆਰ.ਆਈ., ਐਡਵੋਕੇਟ ਕਰਨਜੀਤ ਸਿੰਘ ਬੇਦੀ ਤੇ ਤਾਰਾ ਚੰਦ ਚੁੰਬਰ ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਰਹੇ। ਸਮੂਹ ਪਤਵੰਤਿਆਂ ਨੇ ਕੰਬਲਾਂ ਦੀ ਵੰਡ ਕਰਦਿਆਂ ਹਾਜਰੀਨ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਸਾਨੂੰ ਹਮੇਸ਼ਾ ਸਬਰ ਤੇ ਸੰਤੋਖ ਰੱਖਣਾ ਚਾਹੀਦਾ ਹੈ। ਪਰਮਾਤਮਾ ਨੇ ਜੋ ਵੀ ਸਾਨੂੰ ਦਿੱਤਾ ਹੈ, ਉਸਦੇ ਲਈ ਸ਼ੁਕਰਾਨਾ ਕਰਨਾ ਚਾਹੀਦਾ ਹੈ। ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਸ ਵਾਰ 100 ਲੋੜਵੰਦ ਬੀਬੀਆਂ ਨੂੰ ਕੰਬਲ ਵੰਡੇ ਗਏ ਹਨ। ਉਹਨਾਂ ਦੱਸਿਆ ਕਿ ਲੋਹੜੀ ਤੇ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਵੀ ਹਰ ਸਾਲ ਦੀ ਤਰ੍ਹਾਂ ਕੰਬਲਾਂ ਦੀ ਵੰਡ ਕੀਤੀ ਜਾਵੇਗੀ। ਇਸ ਮੌਕੇ ਮੋਹਨ ਲਾਲ ਤਨੇਜਾ, ਸੁਧਾ ਬੇਦੀ, ਕ੍ਰਿਸ਼ਨ ਕੁਮਾਰ, ਐੱਸ.ਸੀ. ਚਾਵਲਾ, ਵਿਪਨ ਖੁਰਾਣਾ, ਰਮਨ ਨਹਿਰਾ, ਵਿਸ਼ਵਾਮਿੱਤਰ ਸ਼ਰਮਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਬੀ.ਡੀ.ਪੀ.ਓ. ਦਫਤਰ ਫਗਵਾੜਾ ਵਿਖੇ ਲਗਾਇਆ ਨਵੇਂ ਬਣੇ ਸਰਪੰਚਾਂ-ਪੰਚਾਂ ਨੂੰ ਸਿਖਲਾਈ ਦਾ ਪਹਿਲਾ ਕੈਂਪ

ਫਗਵਾੜਾ ( ਸੁਸ਼ੀਲ ਸ਼ਰਮਾ ) ਡਿਪਟੀ ਡਾਇਰੈਕਟਰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਮੋਹਾਲੀ ਦੇ ਨਿਰਦੇਸ਼ ਅਨੁਸਾਰ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਲੋਂ ਪੰਚਾਇਤੀ ਰਾਜ ਸੰਸਥਾਵਾਂ ਦੀ ਕਾਰਜ ਪ੍ਰਣਾਲੀ ਸਬੰਧੀ ਓਰੀਐਂਟੇਸ਼ਨ ਟਰੇਨਿੰਗ ਕੈਂਪ ਬੀ.ਡੀ.ਪੀ.ਓ. ਦਫਤਰ ਫਗਵਾੜਾ ਵਿਖੇ 2 ਜਨਵਰੀ ਤੋਂ 15 ਫਰਵਰੀ ਤੱਕ ਲਗਾਏ ਜਾ ਰਹੇ ਹਨ। ਵਧੇਰੇ ਜਾਣਕਾਰੀ ਦਿੰਦਿਆਂ ਬੀ.ਡੀ.ਪੀ.ਓ. ਰਾਮਪਾਲ ਰਾਣਾ ਨੇ ਦੱਸਿਆ ਕਿ ਫਗਵਾੜਾ ਦੇ ਕੁੱਲ 91 ਪਿੰਡਾਂ ਦੇ ਨਵੇਂ ਚੁਣੇ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਨੂੰ ਤਿੰਨ-ਤਿੰਨ ਰੋਜਾ ਕੈਂਪ ਲਗਾ ਕੇ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਇਕ ਕੈਂਪ ਵਿਚ 9 ਪਿੰਡਾਂ ਦੇ ਚੁਣੇ ਹੋਏ ਨੁਮਾਇੰਦੇ ਸ਼ਾਮਲ ਕੀਤੇ ਗਏ ਹਨ। ਜਿਹਨਾਂ ਨੂੰ ਟਰੇਨਿੰਗ ਦੇਣ ਲਈ ਐਸ.ਐਮ.ਓ. ਪਾਂਛਟ ਫਗਵਾੜਾ, ਐਸ.ਡੀ.ਈ. (ਵਾਟਰ ਸਪਲਾਈ ਐਂਡ ਸੈਨੀਟੇਸ਼ਨ) ਫਗਵਾੜਾ, ਸੀ.ਡੀ.ਪੀ.ਓ., ਬੀ.ਪੀ.ਈ.ਓ., ਏ.ਪੀ.ਓ. ਮਗਨਰੇਗਾ ਅਤੇ ਐਸ.ਆਰ.ਐਲ. ਐਮ. ਫਗਵਾੜਾ ਦੀਆਂ ਡਿਊਟੀਆਂ ਵਿਭਾਗ ਵਲੋਂ ਲਗਾਈਆਂ ਗਈਆਂ ਹਨ। ਉਹਨਾਂ ਦੱਸਿਆ ਕਿ 2 ਤੋਂ 4





ਜਨਵਰੀ ਤੱਕ ਲਗਾਏ ਪਹਿਲੇ ਤਿੰਨ ਰੋਜਾ ਕੈਂਪ ਵਿਚ ਪਿੰਡ ਬਘਾਣਾ, ਬਬੇਲੀ, ਬਲਾਲੋਂ, ਬਰਨ, ਬੇਗਮਪੁਰ, ਬ੍ਰਹਮਪੁਰ, ਅਮਰੀਕ ਨਗਰੀ, ਭਬਿਆਣਾ, ਅਕਾਲਗੜ੍ਹ ਤੇ ਭਾਖੜੀਆਣਾ ਦੇ ਨਵੇਂ ਬਣੇ ਸਰਪੰਚਾਂ-ਪੰਚਾਂ ਨੂੰ ਖੁਦ ਉਹਨਾਂ ਤੋਂ ਇਲਾਵਾ ਰਿਸੋਰਸ ਪਰਸਨ ਜਸਵਿੰਦਰ ਸਿੰਘ, ਅੰਜਲੀ ਵਰਮਾ, ਸਿੱਖਿਆ ਵਿਭਾਗ ਤੋਂ ਰਾਜਿੰਦਰ ਸਿੰਘ ਤੇ ਜਸਵੀਰ ਸਿੰਘ ਭੰਗੂ, ਵਾਟਰ ਸਪਲਾਈ ਵਿਭਾਗ ਤੋਂ ਜੋਗਿੰਦਰ ਕੁਮਾਰ ਬਲਾਕ ਕੋਆਰਡੀਨੇਟਰ ਵਲੋਂ ਟ੍ਰੇਨਿੰਗ ਦਿੱਤੀ ਗਈ ਹੈ। ਕੈਂਪ ਦੀ ਸਮਾਪਤੀ ਮੌਕੇ ਸਮੂਹ ਸਰਪੰਚਾਂ ਤੇ ਪੰਚਾਂ ਨੇ ਕੈਂਪ ਨੂੰ ਬਹੁਤ ਹੀ ਲਾਹੇਵੰਦ ਦੱਸਿਆ। ਬੀ.ਡੀ.ਪੀ.ਓ. ਰਾਣਾ ਨੇ ਸਮੂਹ ਪਿੰਡਾਂ ਦੇ ਪਹਿਲੀ ਵਾਰ ਬਣੇ ਸਰਪੰਚਾਂ ਅਤੇ ਪੰਚਾਂ ਨੂੰ ਖਾਸ ਤੌਰ ਤੇ ਅਪੀਲ ਕੀਤੀ ਕਿ ਇਹਨਾਂ ਕੈਂਪਾਂ ਵਿਚ ਆਪਣੀ ਹਾਜਰੀ ਯਕੀਨੀ ਬਣਾਈ ਜਾਵੇ। ਇਸ ਮੌਕੇ ਪੰਚਾਇਤ ਸਕੱਤਰ ਮਲਕੀਤ ਚੰਦ ਕੰਗ, ਸੰਜੀਵ ਕੁਮਾਰ, ਸੁਲੱਖਣ ਸਿੰਘ ਟੀ.ਸੀ., ਅਨਿਲ ਕੁਮਾਰ ਤੇ ਅਮਨਦੀਪ ਜੇ.ਈ., ਉਮੇਸ਼ ਚੰਦਰ ਤੇ ਸੁਮਿੱਤਰਾ ਦੇਵੀ ਈ. ਪੰਚਾਇਤ, ਪ੍ਰਿਅੰਕਾ ਤੋਂ ਇਲਾਵਾ ਬਲਵਿੰਦਰ ਸਿੰਘ ਸਰਪੰਚ ਬਘਾਣਾ, ਲਖਵਿੰਦਰ ਕੌਰ ਸਰਪੰਚ ਬਬੇਲੀ, ਧਰਮਿੰਦਰ ਕੌਰ ਬਲਾਲੋਂ, ਕਮਲਜੀਤ ਕੁਮਾਰ ਅਮਰੀਕ ਨਗਰੀ, ਪਵਨਦੀਪ ਕੌਰ ਬਰਨ, ਵਿਜੇ ਕੁਮਾਰ ਭਬਿਆਣਾ, ਪਰਮਜੀਤ ਕੌਰ ਬੇਗਮਪੁਰ, ਮੀਨਾ ਅਕਾਲਗੜ੍ਹ, ਮੀਨਾ ਕੁਮਾਰੀ ਭਾਖੜੀਆਣਾ, ਹਰਬੰਸ ਕੌਰ ਬ੍ਰਹਮਪੁਰ ਸਮੇਤ ਸਮੂਹ ਪਿੰਡਾਂ ਦੇ ਮੈਂਬਰ ਪੰਚਾਇਤ ਹਾਜਰ ਸਨ।

# ਗੁਰਦੁਆਰਾ ਸਿੰਘ ਸਭਾ ਨਗਰ ਸਕਰੁੱਲਾਂਪੁਰ ਤੋਂ ਨਗਰ ਕੀਰਤਨ ਸਜਾਇਆ



ਖਰੜ, (ਕਾਲਾ ਸਿੰਘ ਸੈਣੀ )- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਤੇ ਗੁਰਦੁਆਰਾ ਸਿੰਘ ਸਭਾ ਨਗਰ ਸਕਰੁੱਲਾਂਪੁਰ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਹਰਮਨਦੀਪ ਸਿੰਘ,ਹਰਦੀਪ ਸਿੰਘ, ਕੁਲਵਿੰਦਰ ਸਿੰਘ,ਕਰਨੈਲ ਸਿੰਘ,ਨਵਜੋਤ ਸਿੰਘ,ਗੁਰਵਿੰਦਰ ਸਿੰਘ ਅਤੇ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਇਹ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਨਿਵਾਸੀਆਂ ਵਲੋਂ ਵੱਡੀ ਗਿਣਤੀ ਵਿੱਚ ਪਹੁੰਚ ਕੇ ਹਾਜ਼ਰੀ ਲਗਾਈ। ਇਹ ਨਗਰ ਕੀਰਤਨ ਗੁਰਦੁਆਰਾ ਸਿੰਘ ਨਗਰ ਸਕਰੁੱਲਾਂਪੁਰ ਤੋਂ ਆਰੰਭ ਹੋ ਕੇ ਬੀਬੀਪੁਰ,ਬੱਤਾ,ਰੋੜਾ,ਬਜਹੇੜੀ,ਸਿੰਬਲ ਮਾਜਰਾ ਤੋਂ ਹੁੰਦੇ ਹੋਏ ਆਰੰਭਿਕ ਸਥਾਨ 'ਤੇ ਸਮਾਪਤ ਹੋਇਆ। ਨਗਰ ਕੀਰਤਨ ਦੌਰਾਨ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰ ਰਹੀਆਂ ਸਨ। ਗੱਤਕਾ ਪਾਰਟੀ ਵਲੋਂ ਗੱਤਕਾ ਅਤੇ ਬੈਂਡ ਪਾਰਟੀ ਵਲੋਂ ਹਾਜ਼ਰੀ ਭਰੀ। ਉਨਾਂ ਦੱਸਿਆ ਕਿ 6 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੀ ਅਰਦਾਸ ਤੋਂ ਉਪਰੰਤ ਦੀਵਾਨ ਸਜਾਏ ਜਾਣਗੇ। ਇਸ ਮੌਕੇ ਬੱਚਿਆਂ ਵਲੋਂ ਅਤੇ ਹਜ਼ੂਰੀ ਰਾਗੀ ਗੁਰਦੁਆਰਾ ਸਿੰਘ ਸਭਾ ਵਲੋਂ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ।ਇਸ ਉਪਰੰਤ ਗੁਰੂ ਕਾ ਲੰਗਰ ਵੀ ਵਰਤਾਇਆ ਜਾਵੇਗਾ।

# ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ,ਸਵਰਾਜ ਨਗਰ ਖਰੜ ਤੋਂ ਨਗਰ ਕੀਰਤਨ ਸਜਾਇਆ

ਖਰੜ, (ਕਾਲਾ ਸਿੰਘ ਸੈਣੀ ) - ਦਸਵੇਂ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ,ਸਵਰਾਜ ਨਗਰ ਖਰੜ ਦੀ ਸੰਗਤਾਂ ਵਲੋਂ ਅੰਮ੍ਰਿਤ ਵੇਲੇ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਨਗਰ ਕੀਰਤਨ ਵੱਖ-ਵੱਖ ਮੁਹੱਲੀਆਂ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਕੀਰਤਨੀ ਜਥੇ ਨੇ ਗੁਰੂ ਸਾਹਿਬ ਜੀ ਦੀ ਉਸਤਤ ਵਿੱਚ ਗੁਰੂ ਜਸ ਗਾਇਨ ਕੀਤਾ। ਉਨਾਂ ਦੱਸਿਆ ਕਿ ਅੱਜ ਪ੍ਰਕਾਸ਼ ਦਿਹਾੜੇ ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰਦਾਸ ਤੋਂ ਉਪਰੰਤ ਦੀਵਾਨ ਸਜਾਏ ਜਾਣਗੇ। ਜਿਨਾਂ ਵਿੱਚ ਬੀਬੀਆਂ ਦੇ ਜਥੇ ਵਲੋਂ,ਭਾਈ ਸੁਖਵਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ,ਭਾਈ ਜਗਮੀਤ ਸਿੰਘ ਜੀ ਹਜ਼ੂਰੀ ਰਾਗੀ ਵਲੋਂ ਕੀਰਤਨ ਰਾਹੀ ਸੰਗਤਾਂ ਨੂੰ



ਨਿਹਾਲ ਕਰਨਗੇ। ਅਤੇ ਢਾਡੀ ਜੱਥਾ ਭਾਈ ਕੁਲਵਿੰਦਰ ਸਿੰਘ (ਜਲਾਲਾਵਾਦ ਵਾਲੇ) ਵਾਰਾਂ ਰਾਹੀ ਭਰਵੀਂ ਹਾਜਰੀ ਲਗਾਉਣਗੇ।

# ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਬੋਹਾਨੀ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ

ਫ਼ਗਵਾੜਾ (ਸੁਸ਼ੀਲ ਸ਼ਰਮਾ) ਪਿੰਡ ਬੋਹਾਨੀ ਦੇ ਗੁਰਦੁਆਰਾ ਸ਼੍ਰੀ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਵਲੋਂ ਗ੍ਰਾਮ ਪੰਚਾਇਤ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਰਬੰਸ ਦਾਨੀ ਦਸ਼ਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਇਸ ਨਗਰ ਕੀਰਤਨ ਦਾ ਪਿੰਡ ਵਾਸੀਆਂ ਨੇ ਫੁੱਲਾਂ ਦੀ ਵਰਖਾ ਨਾਲ ਥਾਂ-ਥਾਂ ਤੇ ਭਰਵਾਂ ਸਵਾਗਤ ਕੀਤਾ। ਨਗਰ ਕੀਰਤਨ ਵਿਚ ਸ਼ਾਮਲ ਸ਼ਰਧਾਲੂ ਸੰਗਤਾਂ ਲਈ ਵੱਖ ਵੱਖ ਪਕਵਾਨਾਂ ਦੇ ਲੰਗਰ, ਫਲ ਫਰੂਟ ਅਤੇ ਚਾਹ ਪਕੌੜਿਆਂ ਦੀ ਸੇਵਾ ਅਤੁੱਟ ਵਰਤਾਈ ਗਈ। ਸੰਗਤਾਂ ਵਲੋਂ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਂਟ ਕੀਤੇ ਗਏ। ਵੱਖ ਵੱਖ-ਪੜਾਵਾਂ ਦੌਰਾਨ ਪੰਥਕ ਢਾਡੀ ਬੀਬੀ ਬਲਵਿੰਦਰ ਕੌਰ ਜੰਡਿਆਲਾ ਮੰਝਕੀ ਦੇ ਜੱਥੇ ਨੇ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਜਾਣੂ ਕਰਵਾਇਆ।







ਕਮੇਟੀ ਪ੍ਰਧਾਨ ਬਲਵਿੰਦਰ ਸਿੰਘ, ਕੈਸ਼ੀਅਰ ਭੁਪਿੰਦਰ ਸਿੰਘ ਭਿੰਦਾ ਸਰਪੰਚ ਅਤੇ ਸਕੱਤਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ 6 ਜਨਵਰੀ ਦਿਨ ਸੋਮਵਾਰ ਨੂੰ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਇਆ ਜਾਵੇਗਾ। ਜਿਸ ਵਿਚ ਰਾਗੀ ਤੇ ਢਾਡੀ ਜੱਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਖਾਲਸਾ ਪੰਥ ਦੇ ਸੂਰਮਈ ਇਤਿਹਾਸ ਨਾਲ ਜਾਣੂ ਕਰਵਾਉਣਗੇ। ਇਸ ਮੌਕੇ ਕਮੇਟੀ ਮੈਂਬਰ ਜਸਵੀਰ ਸਿੰਘ, ਹਰਜੀਤ ਸਿੰਘ ਲਾਡੀ ਸਾਬਕਾ ਸਰਪੰਚ, ਹੈੱਡ ਗ੍ਰੰਥੀ ਬਾਬਾ ਸੁਲੱਖਣ ਸਿੰਘ, ਸਾਬਕਾ ਪ੍ਰਧਾਨ ਮੋਹਨ ਸਿੰਘ, ਅਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਹਰਗੁਰਚਰਨ ਸਿੰਘ, ਕੁਲਵੰਤ ਸਿੰਘ, ਗੁਰਮੀਤ ਸਿੰਘ, ਪਲਵਿੰਦਰ ਸਿੰਘ, ਸਾਬਕਾ ਸਰਪੰਚ ਪ੍ਰੀਤਮ ਦਾਸ ਬੋਹਾਨੀ, ਨੀਟਾ ਬੋਹਾਨੀ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

# ਕੈਪਸ਼ਨ



ਬਿਤੇ ਦਿਨ,ਮੀਡੀਆ ਕਲੱਬ ਪੰਜਾਬ ਵਲੋਂ ਕਰਵਾਏ ਗਏ ਪ੍ਰੋਗਰਾਮ ਵਿੱਚ ਸਮਾਜ ਸੇਵਕ ਸੰਜੇ ਜੀ ਨੂੰ ਕੀਤਾ ਗਿਆ ਵਿਸ਼ੇਸ਼ ਸਨਮਾਨਿਤ

# ਪਿੰਡ ਮਲਕਪੁਰ ਵਿਖੇ ਸਜਾਇਆ ਦਸ਼ਮ ਪਿਤਾ ਗੁਰੂ ਗੋਬਿੰਦ ਸਿੰਘ ਦੇ ਗੁਰਪੁਰਬ ਨੂੰ ਸਮਰਪਿਤ ਨਗਰ ਕੀਰਤਨ

ਫ਼ਗਵਾੜਾ (ਸੁਸ਼ੀਲ ਸ਼ਰਮਾ) ਪਿੰਡ ਮਲਕਪੁਰ ਵਿਖੇ ਸਰਬੰਸ ਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸ੍ਰੀ ਸਿੰਘ ਸਭਾ ਪਿੰਡ ਮਲਕਪੁਰ ਤਹਿਸੀਲ ਫਗਵਾੜਾ ਦੀ ਪ੍ਰਬੰਧਕ ਕਮੇਟੀ ਵਲੋਂ ਗ੍ਰਾਮ ਪੰਚਾਇਤ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਸਜਾਇਆ ਗਿਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਹੈੱਡ ਗ੍ਰੰਥੀ ਭਾਈ ਜਸਵਿੰਦਰ ਸਿੰਘ ਨੇ ਸਰਬੱਤ ਦੇ ਭਲੇ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਪਰੰਤ ਇਹ ਨਗਰ ਕੀਰਤਨ ਪਿੰਡ ਦੀ ਪਰਿਕ੍ਰਮਾ ਕਰਦਾ ਹੋਇਆ ਦੇਰ ਸ਼ਾਮ ਵਾਪਿਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਦਾ ਸੰਗਤਾਂ ਵਲੋਂ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ। ਧਾਰਮਿਕ ਤੇ ਸਮਾਜਿਕ ਜੱਥੇਬੰਦੀਆਂ ਵਲੋਂ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਸਨ। ਸੰਗਤਾਂ ਨੇ ਨਗਰ ਕੀਰਤਨ ਵਿਚ ਸ਼ਾਮਲ ਗੁਰੂ ਗ੍ਰੰਥ ਸਾਹਿਬ ਜੀ ਦੀ ਸੁੰਦਰ ਪਾਲਕੀ ਅੱਗੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ। ਵੱਖ ਵੱਖ ਪੜਾਵਾਂ ਦੌਰਾਨ ਢਾਡੀ ਜੱਥਿਆਂ ਨੇ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਗੁਰੂ ਇਤਹਾਸ ਨਾਲ ਜੋੜਿਆ। ਕਮੇਟੀ ਪ੍ਰਧਾਨ ਸੁੱਚਾ ਸਿੰਘ, ਸਕੱਤਰ ਸਤਵਿੰਦਰ ਸਿੰਘ ਘੁੰਮਣ, ਕੈਸ਼ੀਅਰ ਸੁਰਿੰਦਰ ਸਿੰਘ ਰਿਟਾ. ਜੇ.ਈ. ਅਤੇ ਸਤਵਿੰਦਰ ਸਿੰਘ ਘੁੰਮਣ ਨੇ ਦੱਸਿਆ ਕਿ 6 ਜਨਵਰੀ ਦਿਨ ਬੁੱਧਵਾਰ ਨੂੰ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਇਆ ਜਾਵੇਗਾ। ਜਿਸ ਵਿੱਚ ਪੰਥ ਪ੍ਰਸਿੱਧ ਢਾਡੀ ਜੱਥਾ ਭਾਈ ਜਸਵਿੰਦਰ ਸਿੰਘ ਖਾਲਸਾ ਬਾਜਵਾ ਕਲਾਂ ਵਾਲੇ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਨਿਹਾਲ ਕਰਨਗੇ। ਉਹਨਾਂ ਸਮੂਹ ਸੰਗਤਾਂ ਨੂੰ







ਪੁਰਜੋਰ ਬੇਨਤੀ ਕੀਤੀ ਕਿ ਗੁਰਪੁਰਬ ਮੌਕੇ ਗੁਰੂ ਘਰ ਵਿਚ ਆਯੋਜਿਤ ਧਾਰਮਿਕ ਸਮਾਗਮ 'ਚ ਪਰਿਵਾਰਾਂ ਸਮੇਤ ਹਾਜਰੀਆਂ ਭਰ ਕੇ ਗੁਰੂ ਸਾਹਿਬਾਨ ਦਾ ਅਸ਼ੀਰਵਾਦ ਲਿਆ ਜਾਵੇ। ਇਸ ਮੌਕੇ ਸਰਪੰਚ ਬੀਬੀ ਕੁਲਵਿੰਦਰ ਕੌਰ ਘੁੰਮਣ, ਨਰਿੰਦਰ ਸਿੰਘ, ਬਲਜੀਤ ਸਿੰਘ, ਕਿਸਾਨ ਆਗੂ ਹਰਭਜਨ ਸਿੰਘ ਬਾਜਵਾ, ਬਾਪੂ ਦਰਸ਼ਨ ਸਿੰਘ, ਬਲਵਿੰਦਰ ਸਿੰਘ ਬਦੇਸ਼ਾ, ਦਿਲਬਾਗ ਸਿੰਘ, ਗੁਰਮੀਤ ਸਿੰਘ, ਗਿਆਨ ਸਿੰਘ, ਨਿਰਮਲ ਸਿੰਘ, ਸੁਖਵਿੰਦਰ ਸਿੰਘ ਸਾਬਕਾ ਸਰਪੰਚ, ਜਰਨੈਲ ਸਿੰਘ ਘੁੰਮਣ, ਸ਼ਾਦੀ ਰਾਮ ਸਾਬਕਾ ਸਰਪੰਚ, ਹਰਵੇਲ ਸਿੰਘ ਸਾਬਕਾ ਸਰਪੰਚ, ਸੁਖਵਿੰਦਰ ਸਿੰਘ ਸਾਬਕਾ ਸਰਪੰਚ, ਸਤਵਿੰਦਰ ਸਿੰਘ ਸਾਬਕਾ ਸਰਪੰਚ, ਹਰਬੰਸ ਲਾਲ, ਲਛਮਣ ਸਿੰਘ, ਹਜਾਰਾ ਰਾਮ, ਲਖਵੀਰ ਸਿੰਘ, ਮੰਗਤ ਰਾਮ, ਜਸਵਿੰਦਰ ਸਿੰਘ, ਹਰਭਜਨ ਲਾਲ ਆਦਿ ਹਾਜਰ ਸਨ।

# ਸੰਗਰੂਰ ਵੈਲੀ ਕਲੋਨੀ ਵਿਖੇ ਚਾਹ ਤੇ ਪਕੌੜਿਆ ਦਾ ਲੰਗਰ ਲਗਾਇਆ ਗਿਆ





ਸੰਗਰੂਰ (ਲੋਕ ਬਾਣੀ) -ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੰਗਰੂਰ ਵੈਲੀ ਕਲੋਨੀ ਧੂਰੀ ਰੋਡ ਸੰਗਰੂਰ ਵਿਖੇ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਚਾਹ ਤੇ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਇਹ ਲੰਗਰ ਕਲੋਨੀ ਵਾਸੀਆਂ ਦੇ ਸਹਿਯੋਗ ਲਗਾਇਆ ਗਿਆ। ਕਲੋਨੀ ਵਾਸੀ ਮੈਂਬਰ ਪ੍ਰਭਜੀਤ ਵਰਮਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਲੰਗਰ ਕਲੋਨੀ ਵਾਸੀਆ ਦੇ ਸਹਿਯੋਗ ਨਾਲ ਲਗਾਇਆ ਗਿਆ ਹੈ। ਸਾਰੇ ਸੇਵਾਦਾਰਾਂ ਨੇ ਬੜੇ ਸ਼ਰਧਾ ਪੂਰਵਕ ਆਉਣ ਜਾਣ ਵਾਲੀਆਂ ਸੰਗਤਾਂ ਨੂੰ ਬੜੀ ਹੀ ਨਿਮਰਤਾ ਨਾਲ ਹੱਥ ਜੋੜ ਕੇ ਚਾਹ ਤੇ ਪਕੌੜਿਆਂ ਦਾ ਲੰਗਰ ਛਕਾਉਦੇ ਰਹੇ। ਇਸ ਮੌਕੇ ਸਨਪ੍ਰੀਤ ਸਿੰਘ, ਜਸਪਾਲ ਸਰਾਓ, ਗੁਰਦੀਪ ਸਿੰਘ, ਬਲਕਾਰ ਸਿੰਘ, ਸੁਰਿੰਦਰ ਸਿੰਘ ਬਾਠ, ਪ੍ਰਭਜੀਤ ਵਰਮਾਂ, ਕਮਲ ਪੂਨੀਆ, ਹੇਮਰਾਜ, ਅਭੀ, ਜਸਵੀਰ ਸ਼ਰਮਾ, ਕੁਲਵੰਤ ਸਿੰਘ ਗਿੱਲ, ਗੁਰਜੰਟ ਸਿੰਘ, ਮੋਹਨ ਲਾਲ, ਅਸਲਮ ਜਾਵੇਦ, ਰੂਪ ਸਿੰਘ, ਸੁਖਵਿੰਦਰ ਸਿੰਘ ਭੋਲਾ, ਅੰਤਰਜੀਤ ਸਿੰਘ, ਦਮਨਦੀਪ ਸਿੰਘ, ਬਲਵੀਰ ਸਿੰਘ ਬਾਠ, ਸੁਖਜਿੰਦਰ ਸਿੰਘ, ਸੰਦੀਪ ਮਿੱਤਲ ਅਤੇ ਵਿੱਕੀ ਸ਼ਰਮਾ ਆਦਿ ਮੈਂਬਰ ਹਾਜ਼ਰ ਰਹੇ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪੱਤਰਕਾਰ, ਲੇਖਕ ਪ੍ਰੀਤ ਕੌਰ ਪ੍ਰੀਤੀ ਦੇ ਜੀਵਨ ਤੇ ਇੱਕ ਨਿੱਕੀ ਜਿਹੀ ਝਾਤ

ਫਗਵਾੜਾ- : (ਸੁਸ਼ੀਲ ਸ਼ਰਮਾ )ਕਹਿੰਦੇ ਨੇ ਕਈ ਵਾਰ ਵਕਤ ਅਤੇ ਦਵਾ ਵੀ ਇਨਸਾਨ ਦੇ ਗਹਿਰੇ ਤੋਂ ਗਹਿਰੇ ਜ਼ਖ਼ਮ ਭਰਨ ਵਿੱਚ ਅਸਮਰੱਥ ਹੋ ਜਾਂਦੇ ਹਨ। ਪਰ ਉਹਨਾਂ ਜ਼ਖਮਾਂ ਨੂੰ ਕਲਮ ਰਾਹੀਂ ਨਿਕਲੀ ਸ਼ਬਦਾਂ ਦੀ ਮਰਹਮ ਛੇਤੀ ਪੂਰ ਦਿੰਦੀ ਹੈ। ਅਜਿਹੀ ਹੀ ਇੱਕ ਲੇਖਕ ਕਵਿੱਤਰੀ ਨਾਲ ਤੁਹਾਨੂੰ ਰੂਬਰੂ ਕਰਵਾਉਣ ਜਾ ਰਹੇ ਹਾਂ ਜਿਸਨੇ ਸ਼ਾਇਦ ਉਮਰ ਤੋਂ ਵੱਡੇ ਦੁਖ ਹੰਢਾਏ ਹਨ। ਜੀ ਹਾਂ, ਅਸੀਂ ਗੱਲ ਕਰ ਰਹੇ ਹਾਂ ਗੁਰਪ੍ਰੀਤ ਕੌਰ ਪ੍ਰੀਤ ਦੀ। ਜਿਸਦਾ ( ਸਾਹਿਤਕ ਨਾਂ ਪ੍ਰੀਤ ਕੌਰ ਪ੍ਰੀਤੀ) ਹੈ। ਪ੍ਰੀਤ ਦਾ ਜਨਮ ਜਲੰਧਰ ਜ਼ਿਲ੍ਹੇ ਦੇ ਪਿੰਡ ਖ਼ੁਰਲਾ ਕਿੰਗਰਾ, ਨੇੜੇ ਟੀ ਵੀ ਟਾਵਰ ਵਿਖੇ 22 ਨਵੰਬਰ 1993 ਨੂੰ ਸਵ. ਸ. ਪਰਮਜੀਤ ਸਿੰਘ ਦੇ ਘਰ ਮਾਤਾ ਪਰਮਜੀਤ ਕੌਰ ਦੀ ਕੁੱਖੋਂ ਇੱਕ ਗੁਰਸਿੱਖ ਪਰਿਵਾਰ ਵਿੱਚ ਹੋਇਆ। ਇੱਕ ਭੈਣ ਤੇ ਦੋ ਭਰਾਵਾਂ ਦੀ ਭੈਣ ਪ੍ਰੀਤ ਕੌਰ ਦੀ ਪਰਵਰਿਸ਼ ਇੱਕ ਸਾਂਝੇ ਪਰਿਵਾਰ ਵਿਚ ਹੋਈ। ਪਿਤਾ ਜੀ ਕੰਮ ਦੌਰਾਨ ਗੰਭੀਰ ਸੱਟ ਲੱਗਣ ਕਾਰਨ ਬਹੁਤ ਸਾਲ ਬੀਮਾਰ ਰਹਿਣ ਪਿੱਛੋਂ 2008 ਵਿੱਚ ਅਕਾਲ ਚਲਾਣਾ ਕਰ ਗਏ। ਉਸ ਸਮੇਂ ਪ੍ਰੀਤ ਮਹਿਜ਼ 13 ਸਾਲ ਦੀ ਸੀ। ਵੱਡੇ ਵੀਰ ਦੀ ਉਮਰ 16 ਸਾਲ ਦੀ ਸੀ।ਪਰ ਸਾਰੀ ਜ਼ਿੰਮੇਵਾਰੀ ਉਹਨਾਂ ਉੱਤੇ ਆਣ ਪਈ। ਜੋ ਪਰਿਵਾਰਕ ਜ਼ਿੰਮੇਵਾਰੀਆਂ ਦੇ ਚੱਲਦਿਆਂ ਆਪਣੀ ਪੜਾਈ ਵੀ ਪੂਰੀ ਨਾ ਕਰ ਸਕਿਆ। ਪ੍ਰੀਤ ਨੇ ਦੱਸਿਆ ਕਿ ਉਸਨੂੰ ਪੜ੍ਹਾਈ ਦਾ ਬਹੁਤ ਸ਼ੌਕ ਸੀ ਅਤੇ ਉਹ ਪੜਨ ਵਿੱਚ ਬਹੁਤ ਤੇਜ਼ ਸੀ ਪਰ ਪਰਿਵਾਰ ਦੇ ਆਰਥਿਕ ਪੱਖੋਂ ਕਮਜ਼ੋਰ ਹੋਣ ਕਾਰਨ ਸਿਰਫ਼ ਬਾਰਵੀਂ ਜਮਾਤ ਤੱਕ ਹੀ ਪੜਾਈ ਕਰ ਸਕੀ। ਪਰ ਪੰਜਾਬੀ ਸਾਹਿਤ ਪ੍ਰਤੀ ਲਗਨ ਪ੍ਰੀਤ ਨੂੰ ਬਚਪਨ ਤੋਂ ਹੀ ਸੀ। ਗੁਰਸਿੱਖ ਪਰਿਵਾਰ ਵਿੱਚ ਜਨਮੇ ਕਾਰਨ ਦਾਦੀ ਦਾਦਿਆਂ ਤੋਂ ਸੁਣੀਆਂ ਸਾਖੀਆਂ ਦਿਲ ਵਿੱਚ ਆਪਣੀ ਛਾਪ ਛੱਡ ਚੁੱਕੀਆਂ ਸਨ। ਜਿਸ ਕਾਰਨ ਹਮੇਸ਼ਾ ਉਸਦੀ ਰੁਚੀ ਸਾਹਿਤ ਅਤੇ ਗੁਰ ਇਤਿਹਾਸ ਪੜਨ ਲਈ ਪ੍ਰਬਲ ਰਹੀ। ਇਸੇ ਲਈ ਬਚਪਨ ਤੋਂ ਹੀ ਪ੍ਰੀਤ ਨੂੰ ਲਿਖਣ ਦੀ ਚੇਟਕ ਲੱਗੀ ਅਤੇ ਅਕਸਰ ਉਸਦੀਆਂ ਕਵਿਤਾਵਾਂ ਸਕੂਲ ਦੇ ਮੈਗਜ਼ੀਨ ਵਿੱਚ ਛਪਦੀਆਂ ਰਹਿੰਦੀਆਂ ਸਨ। ਕਈ ਵਾਰ ਸਕੂਲ ਟਾਈਮ ਉਸਦੀਆਂ ਰਚਨਾਵਾਂ ਅਜੀਤ ਅਤੇ ਜਗਬਾਣੀ ਅਖ਼ਬਾਰ ਵਿੱਚ ਵੀ ਛਪੀਆਂ ਹਨ। ਬੇਸ਼ੱਕ ਆਰਥਿਕ ਪੱਖੋਂ ਕਮਜ਼ੋਰ ਸੀ ਫੇਰ ਵੀ ਜ਼ਿੰਦਗੀ ਘਰ ਪਰਿਵਾਰ ਨਾਲ ਬਹੁਤ ਵਧੀਆ ਬੀਤ ਰਹੀ ਸੀ ਕਿ ਅਚਾਨਕ 2019 ਵਿੱਚ ਪ੍ਰੀਤ ਦੀ ਜ਼ਿੰਦਗੀ ਵਿਚ ਅਜਿਹਾ ਖੌਫਨਾਕ ਤੂਫ਼ਾਨ ਆਇਆ ਕਿ ਜਿਸਨੇ ਪ੍ਰੀਤ ਦੀ ਪੂਰੀ ਜ਼ਿੰਦਗੀ ਨੂੰ ਤਹਿਸ ਨਹਿਸ ਕਰ ਕੇ ਰੱਖ ਦਿੱਤਾ।



ਜਿਸਦਾ ਅਸਰ ਉਸਦੇ ਪਰਿਵਾਰ ਉੱਤੇ ਵੀ ਬਹੁਤ ਬੁਰਾ ਪਿਆ। ਉਸ ਸਮੇਂ ਪ੍ਰੀਤ ਨੂੰ ਸਭ ਦਾ ਸਾਥ ਮਿਲਿਆ ਪਰ ਉਹਨਾਂ ਦਿਨਾਂ ਵਿੱਚ ਆਪਣਾ ਸਭ ਕੁਝ ਗੁਆ ਚੁੱਕੀ ਪ੍ਰੀਤ ਨੂੰ ਸਭ ਦੇ ਸਾਥ ਦੇ ਬਾਵਜੂਦ ਵੀ ਹਮੇਸ਼ਾ ਇੱਕਲੇਪਣ ਦਾ ਸੰਤਾਪ ਝੱਲਣਾ ਪਿਆ। ਜਿਸ ਦੇ ਫਲਸਰੂਪ ਪ੍ਰੀਤ ਦੀ ਪੜ੍ਹਨ ਵਿਚ ਦਿਲਚਸਪੀ ਵੱਧ ਗਈ ਅਤੇ ਇਸੇ ਇੱਕਲੇਪਣ ਵਿਚ ਹੀ ਪ੍ਰੀਤ ਨੇ ਆਪਣੀ ਜ਼ਿੰਦਗੀ ਲੇਖਣੀ ਪ੍ਰਤੀ ਹੋਰ ਵੀ ਸਖਸ਼ਮ ਕਰ ਲਈ ਅਤੇ ਜ਼ਿੰਦਗੀ ਦੇ ਉਤਾਰ ਚੜ੍ਹਾਅ ਤੋਂ ਉਭਰਨ ਲਈ ਪੱਤਰਕਾਰੀ ਦਾ ਰਾਹ ਚੁਣਿਆ। ਪ੍ਰੀਤ ਨੇ ਗੱਲ ਬਾਤ ਦੌਰਾਨ ਦੱਸਿਆ ਕਿ ਉਸ ਦਾ ਬਚਪਨ ਤੋਂ ਹੀ ਸੁਫ਼ਨਾ ਸੀ ਪੱਤਰਕਾਰ ਬਣਨ ਦਾ। ਨਿੱਤ ਅਖਬਾਰਾਂ ਵਿੱਚ ਛਪੀਆਂ ਖਬਰਾਂ ਦੀ ਘੋਖ ਪੜਤਾਲ ਕਰਦਿਆਂ ਪੱਤਰਕਾਰੀ ਦਾ ਸ਼ੌਂਕ ਦੁਬਾਰਾ ਜਾਗ ਪਿਆ। ਉਤਸੁਕਤਾ ਵੱਧਦੀ ਗਈ ਤੇ ਪੱਤਰਕਾਰੀ ਦਾ ਸਫਰ ਸ਼ੁਰੂ ਹੋਇਆ। ਜਲੰਧਰ ਵਿੱਚ ਪੱਤਰਕਾਰੀ ਸਿਰਫ਼ ਸਾਲ ਕੁ ਹੀ ਕੀਤੀ। ਇਸੇ ਦੌਰਾਨ ਉਸ ਦਾ ਵਿਆਹ ਇੱਕ ਗੁਰਸਿੱਖ ਪਰਿਵਾਰ ਵਿੱਚ ਸ. ਸਿਮਰਨਜੀਤ ਸਿੰਘ ਦੇ ਨਾਲ ਫਗਵਾੜਾ ਵਿਖੇ ਹੋਇਆ। ਉਸਦੇ ਸਹੁਰਾ ਪਰਿਵਾਰ ਵਲੋਂ ਵੀ ਉਸਦੀ ਲੇਖਣੀ ਅਤੇ ਪੱਤਰਕਾਰੀ ਨੂੰ ਸਮਰਥਨ ਦਿੱਤਾ ਗਿਆ।ਉਸਦਿ ਵਿਵਾਹਿਕ ਜੀਵਨ ਵੀ ਸਫਲ ਚੱਲ ਰਿਹਾ ਹੈ।ਹੁਣ ਫਗਵਾੜਾ ਵਿੱਚ ਵੀ ਪ੍ਰੀਤ ਦੀ ਪੱਤਰਕਾਰੀ ਸਫਲਤਾ ਦੇ ਨਾਲ ਚੱਲ ਰਹੀ ਹੈ। ਸਾਹਿਤਕ ਖੇਤਰ ਵਿਚ ਪ੍ਰੀਤ ਹੁਣ ਤੱਕ ਚਾਰ ਹਜ਼ਾਰ ਤੋਂ ਵੱਧ ਲੋਕਾਂ ਨਾਲ ਜੁੜੀ ਹੋਈ ਹੈ। ਅਤੇ ਸਾਹਿਤਕ ਖੇਤਰ ਵਿਚ ਹੋਰ ਵਧੇਰੇ ਲੋਕਾਂ ਨਾਲ ਜੁੜਨ ਲਈ ਯਤਨ ਜਾਰੀ ਹਨ। ਪ੍ਰੀਤ ਹੁਣ ਤੱਕ ਕਾਫੀ ਆਨਲਾਈਨ, ਈ ਪ੍ਰਤਿਕਾ ਅਤੇ ਅਜੀਤ, ਜਗਬਾਣੀ ਅਖ਼ਬਾਰ ਵਿੱਚ ਛੱਪ ਚੁੱਕੀ ਹੈ। ਪ੍ਰੀਤ ਵਿਰਸਾ ਈ-ਪਤ੍ਰਿਕਾ ਦੀ ਸਹਿ ਸੰਪਾਦਕ ਰਹਿ ਚੁੱਕੀ ਹੈ। ਆਪਣਾ ਖ਼ੁੱਦ ਦਾ ਮੈਗਜ਼ੀਨ ਜ਼ਿੰਦਗੀ ਜ਼ਿੰਦਾਬਾਦ ਚਲਾ ਰਹੀ ਹੈ। ਪ੍ਰੀਤ ਹੁਣ ਤੱਕ ਅੱਠ ਸਾਂਝੇ ਕਾਵਿ ਸੰਗ੍ਰਹਿ ਦਾ ਹਿੱਸਾ ਰਹਿ ਚੁੱਕੀ ਹੈ। ਜਿਹਨਾਂ ਵਿੱਚੋਂ ਛੇ ਪੰਜਾਬੀ ਅਤੇ ਦੋ ਹਿੰਦੀ ਕਾਵਿ ਸੰਗ੍ਰਹਿ ਹਨ। ਜਿਹਨਾਂ ਵਿੱਚੋਂ ਪੰਜਾਬੀ ਜੀਵਨ ਜੋਤੀ, ਮੈਂ ਨੂਰ ਹਾਂ, ਸੱਧਰਾਂ ਦਾ ਅੰਬਰ ,ਸਾਂਝੀ ਧਰਤੀ ਸਾਂਝਾ ਅੰਬਰ ,ਨੂਰ ਦੀ ਦੁਨੀਆਂ, ਗਿਰਿਆ ਹੋਇਆ ਅੰਬਰ ਹਨ। ਇਸ ਤੋਂ ਇਲਾਵਾ ਪ੍ਰੀਤ ਸਮਾਜਿਕ ਮੁੱਦਿਆ ਤੇ ਇਤਿਹਾਸ ਦੇ ਵਿਸ਼ਿਆਂ ਤੇ ਹੁਣ ਤੱਕ 40 ਤੋਂ ਵੱਧ ਆਰਟੀਕਲ ਲਿਖ ਚੁੱਕੀ ਹੈ। ਪ੍ਰੀਤ ਨੇ ਦੱਸਿਆ ਕਿ ਉਸ ਨੂੰ ਆਪਣੀ ਪੰਜਾਬੀ ਮਾਂ ਬੋਲੀ ਨਾਲ ਬਹੁਤ ਪਿਆਰ ਹੈ। ਇਸ ਲਈ ਉਹ ਆਪਣੇ ਘਰ ਵਿਚ ਵੀ ਸਭ ਨੂੰ ਵੱਧ ਤੋਂ ਵੱਧ ਪੰਜਾਬੀ ਵਿੱਚ ਗੱਲ ਕਰਨ ਲਈ ਪ੍ਰੇਰਦੀ ਹੈ। ਧਰਮ ਪ੍ਰਪੱਕਤਾ ਵਾਲੀ ਪ੍ਰੀਤ ਅਕਸਰ ਇਤਿਹਾਸਕ ਮੁੱਦਿਆਂ ਤੇ ਜਾਣਕਾਰੀ ਇੱਕਠੀ ਕਰਦੀ ਰਹਿੰਦੀ ਹੈ। ਪ੍ਰੀਤ ਨੇ ਗੱਲਬਾਤ ਦੌਰਾਨ ਦੱਸਿਆ ਕਿ ਉਹ ਬਹੁਤ ਸਾਰੀਆਂ ਸਾਹਿਤਕ ਸੰਸਥਾਵਾਂ ਨਾਲ ਜੁੜੀ ਹੋਈ ਹੈ। ਅਤੇ ਅਕਸਰ ਹੀ ਸਾਰੇ ਸਾਹਿਤਿਕ ਸਮਾਗਮ ਵਿੱਚ ਸ਼ਮੂਲੀਅਤ ਰੱਖਦੀ ਹੈ। ਅਤੇ ਕੁਝ ਨਵਾਂ ਸਿੱਖਣ ਦੀ ਚਾਹ ਰੱਖਦੀ ਹੈ। ਪ੍ਰੀਤ ਨੂੰ ਉਸਦੀ ਲੇਖਣੀ ਲਈ ਉਸਦੇ ਕੰਮ ਲਈ ਬਹੁਤ ਸਾਰੀਆਂ ਸਾਹਿਤਕ ਸੰਸਥਾਵਾਂ ਅਤੇ ਸਕੂਲ ਕਾਲਜਾਂ ਦੇ ਸਲਾਨਾ ਸਮਾਗਮ ਵਲੋਂ ਉਸ ਨੂੰ ਸਨਮਾਨ ਪ੍ਰਾਪਤ ਹੋ ਚੁੱਕੇ ਹਨ। ਸਭ ਤੋਂ ਵੱਡਾ ਸਨਮਾਨ ਉਹ ਚੰਡੀਗੜ੍ਹ ਤੋਂ ਭਾਈ ਦਿੱਤ ਸਿੰਘ ਪਤ੍ਰਿਕਾ ਵਿੱਚ ਛਪੀ ਆਪਣੀ, ਪ੍ਰਿੰਸੀਪਲ ਨਸੀਬ ਵਿੱਚ ਸੇਵਕ ਵਲੋਂ ਛਾਪੀ ਉਸਦੀ ਇੰਟਰਵਿਊ ਨੂੰ ਮੰਨਦੀ ਹੈ।

ਪ੍ਰੀਤ ਮੌਜੂਦਾ ਸਮੇਂ ਵਿਚ ਨਿਊਜ਼ ਚੈਨਲ ਨਾਭਾ ਟੀ ਵੀ ਵਿੱਚ ਬਤੌਰ ਐਂਕਰ ਤੇ ਪੱਤਰਕਾਰ ਡਿਊਟੀ ਨਿਭਾ ਰਹੀ ਹੈ। ਆਸ ਕਰਦੇ ਹਾਂ ਕਿ ਪਰਮਾਤਮਾ ਪ੍ਰੀਤ ਦੀ ਕਲਮ ਨੂੰ ਤਰੱਕੀਆਂ ਬਖਸ਼ਿਸ਼ ਕਰਨ ਅਤੇ ਇਸੇ ਤਰ੍ਹਾਂ ਆਪਣੇ ਕੰਮ ਪ੍ਰਤੀ ਪ੍ਰੀਤ ਪਰਿਪੱਕਤਾ ਨਾਲ ਜ਼ਿੰਮੇਵਾਰੀ ਨਿਭਾਉਂਦੀ ਰਹੇ।

## ਕਿਸਾਨ ਮਹਾਂ ਪੰਚਾਇਤ ਵਿੱਚ ਸ਼ਾਮਿਲ ਹੋਣ ਜਾ ਰਹੇ ਕਿਸਾਨਾਂ ਦੀ ਬੱਸ ਪਲਟਣ ਕਾਰਨ ਹੋਈਆਂ ਮੌਤਾਂ ਦਾ ਮੁਆਵਜ਼ਾ ਮਿਲਣਾ ਚਾਹੀਦਾ - ਬੀਬੀ ਚਰਨਜੀਤ ਕੌਰ ਬਰਾੜ






ਮਿਰਤਕ ਬਲਵੀਰ ਕੌਰ, ਸਰਬਜੀਤ ਕੌਰ,ਜਸਵੀਰ ਕੌਰ

ਬਠਿੰਡਾ (ਲੋਕ ਬਾਣੀ)-੍ਰਮਣੀ ਅਕਾਲੀ ਦਲ ਦੀ ਮਹਿਲਾਂ ਵਿੰਗ ਪ੍ਰਧਾਨ ਬੀਬੀ ਚਰਨਜੀਤ ਕੌਰ ਨੇ ਸਾਡੇ ਪ੍ਰਤੀਨਿਧੀ ਨਾਲ ਗੱਲ ਕਰਦਿਆਂ ਕਿਹਾ ਕਿ ਕਿਸਾਨ ਮਹਾ ਪੰਚਾਇਤ ਚ ਸਾਮਲ ਹੋਣ ਜਾ ਰਹੇ ਕਿਸਾਨ ਜਥੇਬੰਦੀਆਂ ਦੀਆਂ ਦੋ ਬੱਸਾਂ ਪਲਟਣ ਕਾਰਨ ਜਿੰਨਾ ਵੀ ਕਿਸਾਨਾਂ ਦਾ ਨੁਕਸਾਨ ਹੋਇਆ ਉਹਨਾਂ ਦਾ ਇਲਾਜ ਫਰੀ ਕਰਾਇਆ ਜਾਵੇ ਜਿਹੜੀਆਂ ਤਿੰਨ ਬੀਬੀਆਂ ਦੀ ਮੌਤ ਹੋਈ ਹੈ ਪੰਜਾਬ ਸਰਕਾਰ ਉਹਨਾਂ ਨੂੰ ਬਣਦਾ ਮੁਆਵਜ਼ਾ ਦੇਵੇ ਅਤੇ ਮੈਂ ਕੇਂਦਰ ਸਰਕਾਰ ਨੂੰ ਵੀ ਅਪੀਲ ਕਰਦੀ ਆਂ ਉਹ ਕਹਾਵਤ ਸੱਚ ਨਾ ਕਰੇ ਕਿ ਧੀਆਂ ਮਗਰੋਂ ਲੂੰਗੀ ਕੀ ਫੂਕਣੀ ਹੈ ਜੇਕਰ ਕੇਂਦਰ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਮੰਨਣੀਆਂ ਹਨ ਤਾਂ ਟਾਈਮ ਸਿਰ ਮੰਨੀਆਂ ਜਾਣ ਜਦੋਂ ਅੱਧੇ ਪੰਜਾਬ ਦੇ ਕਿਸਾਨ ਇਸ ਦੁਨੀਆਂ ਤੋਂ ਚਲੇ ਗਏ ਉਸ ਤੋਂ ਬਾਅਦ ਮੰਗਾਂ ਮੰਨਣ ਦਾ ਕੋਈ ਫਾਇਦਾ ਨਹੀਂ ਮੇਰੀ ਕੇਂਦਰ ਸਰਕਾਰ ਨੂੰ ਵੀ ਬੇਨਤੀ ਹੈ ਕਿ ਛੇਤੀ ਤੋਂ ਛੇਤੀ ਇਹਨਾਂ ਦੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ ਤੇ ਕਿਸਾਨ ਜਥੇਬੰਦੀਆਂ ਨੂੰ ਰਾਹਿਤ ਦਿੱਤੀ ਜਾਵੇ ਤੇ ਸਾਡੇ ਕਿਸਾਨ ਲੀਡਰ ਭਾਈ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਨੂੰ ਦੇਖਦੇ ਹੋਏ ਛੇਤੀ ਤੋਂ ਛੇਤੀ ਇਹ ਮੰਗ ਪੂਰੀ ਹੋਣੀ ਚਾਹੀਦੀ ਹੈ।

## ਲਾਇਨ ਗੁਰਦੀਪ ਸਿੰਘ ਕੰਗ ਦੀ ਅਗਵਾਈ ਹੇਠ ਹੋਇਆ 82ਵਾਂ ਮਾਸਿਕ ਰਾਸ਼ਨ ਵੰਡ ਸਮਾਗਮ

ਫਗਵਾੜਾ ( ਸੁਸ਼ੀਲ ਸ਼ਰਮਾ ) ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ. ਜੇ.ਐਫ. ਵਲੋਂ ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਹਿਯੋਗ ਨਾਲ ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ 82ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਹਿਊਮਨ ਰਾਈਟਸ ਕੌਂਸਲ ਦੀ ਕੌਮੀ ਪ੍ਰਧਾਨ ਆਰਤੀ ਰਾਜਪੂਤ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਗੈਸਟ ਆਫ ਆਨਰ ਵਜੋਂ ਨਗਰ ਨਿਗਮ ਫਗਵਾੜਾ ਦੇ ਨਵੇਂ ਚੁਣੇ ਗਏ ਵਾਰਡ ਕੌਂਸਲਰਾਂ ਸੰਜੀਵ ਬੁੱਗਾ, ਮਨੀਸ਼ ਪ੍ਰਭਾਕਰ, ਜਤਿੰਦਰ ਵਰਮਾਨੀ, ਤੇਜਪਾਲ ਬਸਰਾ, ਪ੍ਰਿਤਪਾਲ ਕੌਰ ਤੁਲੀ, ਕੌਂਸਲਰ ਪਤੀ ਸੁਖਦੇਵ ਸਿੰਘ ਕਾਕਾ ਤੋਂ ਇਲਾਵਾ ਸਮਾਜ ਸੇਵਕ ਰਾਮਚੰਦਰ ਅਤੇ ਬੱਬੂ ਮਨੀਲਾ ਨੇ ਆਪਣੀ ਹਾਜ਼ਰੀ ਦਰਜ ਕਰਵਾਈ। ਇਸ ਤੋਂ ਇਲਾਵਾ ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਸਰਪ੍ਰਸਤ ਐਸ.ਪੀ. ਬਸਰਾ ਸਮਾਜ ਸੇਵਕ, ਅਧਿਆਪਕ ਆਗੂ ਵਰਿੰਦਰ ਸਿੰਘ ਕੰਬੋਜ ਨੇ ਵੀ ਵਿਸ਼ੇਸ਼ ਤੌਰ ’ਤੇ ਹਾਜ਼ਰੀ ਲਗਵਾਈ। ਮੁੱਖ ਮਹਿਮਾਨ ਆਰਤੀ ਰਾਜਪੂਤ ਨੇ 25 ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਦਿਆਂ ਲਾਇਨ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਦੱਸਿਆ ਕਿ ਗੁਰਦੀਪ ਸਿੰਘ ਕੰਗ ਮਨੁੱਖੀ ਅਧਿਕਾਰ ਕੌਂਸਲ ਦੀ ਫਗਵਾੜਾ ਸ਼ਾਖਾ ਦੇ ਮੁਖੀ ਵਜੋਂ ਵੀ ਆਪਣੀਆਂ ਸ਼ਾਨਦਾਰ ਸੇਵਾਵਾਂ ਦੇ ਰਹੇ ਹਨ। ਇਸ ਦੌਰਾਨ ਉਨ੍ਹਾਂ ਨੇ ਹਾਜ਼ਰੀਨ ਨੂੰ ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਬਾਰੇ ਵੀ ਜਾਗਰੂਕ ਕੀਤਾ। ਕੌਂਸਲਰ ਸੰਜੀਵ ਬੁੱਗਾ ਅਤੇ ਹੋਰਨਾਂ ਨਗਰ ਕੌਂਸਲਰਾਂ ਨੇ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਲਾਇਨ ਗੁਰਦੀਪ ਸਿੰਘ ਕੰਗ ਅਤੇ ਉਨ੍ਹਾਂ ਦਾ ਪਰਿਵਾਰ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਹੈ। ਲਾਇਨ ਕੰਗ ਨਿੱਜੀ ਤੌਰ ’ਤੇ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਜੁੜ ਕੇ ਸਮਾਜ ਸੇਵਾ ਵਿਚ ਲਗਾਤਾਰ ਸਰਗਰਮ ਹਨ। ਹੋਰ ਬੁਲਾਰਿਆਂ ਨੇ ਵੀ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਵੱਲੋਂ ਸਮਾਜ ਸੇਵਾ ਵਿੱਚ ਪਾਏ ਯੋਗਦਾਨ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਸਮਾਜ ਸੇਵੀ ਬੱਬੂ ਮਨੀਲਾ ਅਤੇ ਰਾਮ ਚੰਦਰ ਨੇ ਵੀ ਕਿਹਾ ਕਿ ਆਰਥਿਕ ਤੰਗੀ ਦੇ ਸ਼ਿਕਾਰ, ਬਿਮਾਰਾਂ ਅਤੇ ਬਜ਼ੁਰਗਾਂ ਦੀ ਸੇਵਾ ਕਰਨਾ ਸਮਾਜ ਦੇ ਸਾਰੇ ਯੋਗ ਵਿਅਕਤੀਆਂ ਦਾ ਫਰਜ਼ ਹੈ। ਹਰੇਕ ਵਿਅਕਤੀ ਨੂੰ ਹਰ ਮਹੀਨੇ ਆਪਣੀ ਚੰਗੀ ਕਮਾਈ ਵਿੱਚੋਂ ਕੁਝ ਪੈਸਾ ਲੋੜਵੰਦਾਂ ਦੀ ਮਦਦ ਲਈ ਜ਼ਰੂਰ ਖਰਚ ਕਰਨਾ ਚਾਹੀਦਾ ਹੈ। ਲਾਇਨ ਗੁਰਦੀਪ ਸਿੰਘ ਕੰਗ ਵੱਲੋਂ ਨਵੇਂ ਚੁਣੇ ਗਏ ਨਗਰ ਕੌਂਸਲਰਾਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਉਨ੍ਹਾਂ ਸਾਰਿਆਂ ਦਾ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਬਾਲਕ ਨਾਥ ਜੀ ਦੀ ਕਿਰਪਾ ਨਾਲ ਰਾਸ਼ਨ ਵੰਡਣ ਸਮੇਤ ਸਮਾਜ ਸੇਵਾ ਦਾ ਇਹ ਸਿਲਸਿਲਾ ਨਿਰੰਤਰ ਜਾਰੀ ਰਹੇਗਾ। ਸਟੇਜ ਦਾ ਸੰਚਾਲਨ ਲਾਇਨ ਸੁਸ਼ੀਲ ਸ਼ਰਮਾ ਨੇ ਹਮੇਸ਼ਾ ਦੀ ਤਰ੍ਹਾਂ ਬਾਖ਼ੂਬੀ ਕੀਤਾ। ਇਸ ਮੌਕੇ ਲੈਕਚਰਾਰ ਹਰਜਿੰਦਰ ਗੋਗਨਾ, ਐਨ.ਆਰ.ਆਈ ਕਰਨ ਸਖੂਜਾ, ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਪੀ.ਆਰ.ਓ. ਲਾਇਨ ਸਤਵਿੰਦਰ ਸਿੰਘ ਭੰਮਰਾ, ਲਾਇਨ ਸੰਜੀਵ ਲਾਂਬਾ, ਲਾਇਨ ਮਨੋਜ ਕੁਮਾਰ, ਲਾਇਨ ਸੁਮਿਤ ਭੰਡਾਰੀ, ਲਾਇਨ ਰਣਧੀਰ ਕਰਵਲ, ਵਿਪਨ ਖੁਰਾਣਾ, ਪਵਨ ਕਲੂਚਾ, ਮਨੀਸ਼ ਕਨੌਂਜੀਆ, ਲਾਇਨ ਸੁਖਬੀਰ ਸਿੰਘ ਕਿੰਨੜਾ, ਸ਼ਿਵ ਸ਼ਕਤੀ ਮਾਤਾ ਮੰਦਰ ਪ੍ਰਧਾਨ ਚੰਚਲ ਸੇਠ, ਡਿਵਾਈਨ ਏਂਜਲ ਵੈਲਫੇਅਰ ਸੁਸਾਇਟੀ ਪ੍ਰਧਾਨ ਨਵਿਤਾ ਛਾਬੜਾ, ਲਾਇਨ ਹਰਮੇਸ਼ ਕੁਮਾਰ ਕੁਲਥਮ, ਲਾਇਨ ਵਿੱਕੀ ਚੁੰਬਰ, ਲਾਇਨ ਵਿਪਨ ਸ਼ਰਮਾ, ਅਸ਼ੋਕ ਬੱਤਰਾ, ਅਮਰਜੀਤ ਸਿੰਘ ਬਘਾਣਾ, ਅਨੂਪ ਦੁੱਗਲ, ਅਸ਼ੀਸ਼, ਗੁਰਦੀਪ ਸਿੰਘ ਤੁਲੀ, ਅਸ਼ਵਨੀ ਕੁਮਾਰ, ਰਮੇਸ਼ ਕਪੂਰ, ਮਨੋਜ ਬੱਤਰਾ, ਗੌਰਵ ਕਪੂਰ ਆਦਿ ਹਾਜ਼ਰ ਸਨ।





# ਮਯੰਕ ਫਾਊਂਡੇਸ਼ਨ ਨੇ ਟਰਾਲੀਆਂ ਲਈ ਰਿਫਲੈਕਟਰ ਮੁਹਿੰਮ ਚਲਾ ਕੇ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੀ ਕੀਤੀ ਸ਼ੁਰੂਆਤ

ਫ਼ਿਰੋਜ਼ਪੁਰ, (ਲੋਕ ਬਾਣੀ)- ਸੜਕ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਆਪਣੇ ਨਿਰੰਤਰ ਯਤਨਾਂ ਵਜੋਂ ਮਯੰਕ ਫਾਊਂਡੇਸ਼ਨ ਨੇ ਅੱਜ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਜਿਸ ਦਾ ਉਦੇਸ਼ ਸੜਕਾਂ ਤੇ ਟਰਾਲੀਆਂ ਦੀ ਦਿੱਖ ਨੂੰ ਵਧਾਉਣਾ ਹੈ, ਖਾਸ ਕਰਕੇ ਧੁੰਦ ਦੇ ਮੌਸਮ ਦੌਰਾਨ, ਮੈਂਬਰਾਂ ਦੀ ਇੱਕ ਟੀਮ, ਜ਼ਿਲ੍ਹਾ ਟਰੈਫ਼ਿਕ ਪੁਲਿਸ ਦੇ ਸਹਿਯੋਗ ਨਾਲ ਟਰਾਲੀਆਂ ਅਤੇ ਹੋਰ ਵਾਹਨਾਂ ਤੇ 500 ਰਿਫਲੈਕਟਰ ਚਿਪਕਾਏ ਜਿਨ੍ਹਾਂ ਤੇ ਲੋੜੀਂਦੀ ਬੈਕਲਾਈਟ ਨਹੀਂ ਹੈ, ਜਿਸ ਨਾਲ ਉਹ ਹੋਰ ਵਾਹਨ ਚਾਲਕਾਂ ਨੂੰ ਦਿਖਾਈ ਦੇਣ ਅਤੇ ਹਾਦਸਿਆਂ ਦਾ ਖ਼ਤਰਾ ਘੱਟ ਸਕੇ। ਇਹ ਪਹਿਲਕਦਮੀ ਟਰਾਲੀਆਂ ਤੇ ਸਹੀ ਰੋਸ਼ਨੀ ਦੀ ਘਾਟ ਬਾਰੇ ਵਧ ਰਹੀਆਂ ਚਿੰਤਾਵਾਂ ਦੇ ਜਵਾਬ ਵਿੱਚ ਆਈ ਹੈ, ਜੋ ਅਕਸਰ ਬੈਕਲਾਈਟ ਤੋਂ ਬਿਨਾਂ ਸੜਕਾਂ ਤੇ ਚਲਦੀਆਂ ਹਨ, ਖਾਸ ਕਰਕੇ ਸਵੇਰ ਅਤੇ ਸ਼ਾਮ ਦੇ ਸਮੇਂ ਜਦੋਂ ਧੁੰਦ ਕਾਰਨ ਦਿੱਖ ਘੱਟ ਜਾਂਦੀ ਹੈ। ਰਿਫਲੈਕਟਰਾਂ ਦੀ ਮੌਜੂਦਗੀ ਟਰਾਲੀਆਂ ਨੂੰ ਵਧੇਰੇ ਦਿਖਾਈ ਦੇਣ ਵਿੱਚ ਮਦਦ ਕਰਦੀ ਹੈ, ਜਿਸ ਨਾਲ ਸੜਕਾਂ ਤੇ ਆਵਾਜਾਈ ਦੀ ਸਥਿਤੀ ਸੁਰੱਖਿਅਤ ਹੁੰਦੀ ਹੈ।

ਮਯੰਕ ਫਾਊਂਡੇਸ਼ਨ ਸਾਰੇ ਟਰਾਲੀ ਮਾਲਕਾਂ ਅਤੇ ਡਰਾਈਵਰਾਂ ਨੂੰ ਆਪਣੇ ਵਾਹਨਾਂ ਦੀ ਜ਼ਿੰਮੇਵਾਰੀ ਲੈਣ ਅਤੇ ਇਹ ਯਕੀਨੀ ਬਣਾਉਣ ਲਈ ਜ਼ੋਰਦਾਰ ਅਪੀਲ ਕਰਦੀ ਹੈ ਕਿ ਰਿਫਲੈਕਟਰ ਲਗਾਏ ਗਏ ਹਨ ਅਤੇ ਬੈਕਲਾਈਟਾਂ ਚਾਲੂ ਹਨ, ਖਾਸ ਤੌਰ ਤੇ ਧੁੰਦ ਦੇ ਮੌਸਮ ਵਿੱਚ ਜਦੋਂ ਦ੍ਰਿਸ਼ਟੀ ਬਹੁਤ ਘੱਟ ਹੁੰਦੀ ਹੈ। ਫਾਊਂਡੇਸ਼ਨ ਨੇ ਹਾਦਸਿਆਂ ਨੂੰ ਰੋਕਣ ਲਈ ਹਰ ਕਿਸੇ ਨੂੰ ਸੜਕ ਸੁਰੱਖਿਆ ਨੂੰ ਤਰਜੀਹ ਦੇਣ ਅਤੇ ਟ੍ਰੈਫਿਕ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਇਸ ਪਹਿਲਕਦਮੀ ਪ੍ਰਤੀ ਸਮਰਥਨ ਦਿਖਾਉਂਦਿਆਂ ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਅਤੇ ਸਕੱਤਰ ਡੀ.ਐਲ.ਐਸ.ਏ., ਫ਼ਿਰੋਜ਼ਪੁਰ ਮੈਡਮ ਅਨੁਰਾਧਾ ਨੇ ਇਸ ਮੁਹਿੰਮ ਵਿੱਚ ਸ਼ਿਰਕਤ ਕੀਤੀ ਅਤੇ ਮਯੰਕ ਫਾਊਂਡੇਸ਼ਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਸਨੇ ਸੜਕ ਸੁਰੱਖਿਆ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਮੂਹਿਕ ਯਤਨਾਂ ਦੀ ਮਹੱਤਤਾ ਤੇ ਜ਼ੋਰ ਦਿੱਤਾ ਅਤੇ ਨਾਗਰਿਕਾਂ ਨੂੰ ਸੁਰੱਖਿਅਤ ਡਰਾਈਵਿੰਗ ਨੂੰ ਉਤਸ਼ਾਹਿਤ ਕਰਨ ਵਾਲੀਆਂ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਸ ਮੁਹਿੰਮ ਨੂੰ ਜ਼ਿਲ੍ਹਾ ਟ੍ਰੈਫਿਕ ਪੁਲਿਸ ਦੇ ਇੰਚਾਰਜ ਇੰਸਪੈਕਟਰ ਜਸਵਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਦਾ ਵਡਮੁੱਲਾ ਸਹਿਯੋਗ ਵੀ ਮਿਲਿਆ, ਜਿਨ੍ਹਾਂ ਨੇ ਇਸ ਸਮਾਗਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਰਿਫਲੈਕਟਰ ਵੰਡਣ ਅਤੇ ਲਗਾਉਣ ਵਿੱਚ ਸਹਿਯੋਗ ਦਿੱਤਾ। ਉਹਨਾਂ ਦੀ ਭਾਗੀਦਾਰੀ ਸਾਰਿਆਂ ਲਈ ਸੁਰੱਖਿਅਤ ਸੜਕਾਂ ਨੂੰ ਯਕੀਨੀ ਬਣਾਉਣ ਲਈ ਕਮਿਊਨਿਟੀ, ਕਾਨੂੰਨ ਲਾਗੂ ਕਰਨ ਵਾਲੇ ਅਤੇ ਗੈਰ ਸਰਕਾਰੀ ਸੰਗਠਨਾਂ ਵਿਚਕਾਰ ਸਹਿਯੋਗ ਦੀ ਮਹੱਤਤਾ ਨੂੰ ਰੇਖਾਂਕਿਤ ਕਰਦੀ ਹੈ। ਮਯੰਕ ਫਾਊਂਡੇਸ਼ਨ ਦੀ ਸੜਕ ਸੁਰੱਖਿਆ ਪ੍ਰਤੀ ਵਚਨਬੱਧਤਾ ਮਯੰਕ ਫਾਊਂਡੇਸ਼ਨ ਵੱਖ-ਵੱਖ ਕਮਿਊਨਿਟੀ-ਆਧਾਰਿਤ ਸੜਕ ਸੁਰੱਖਿਆ ਪਹਿਲਕਦਮੀਆਂ ਵਿੱਚ ਸਭ ਤੋਂ ਅੱਗੇ ਹੈ, ਜਿਸ ਵਿੱਚ ਸਥਾਨਕ ਨਿਵਾਸੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ। ਫਾਊਂਡੇਸ਼ਨ ਦਾ ਉਦੇਸ਼ ਜਾਗਰੂਕਤਾ ਮੁਹਿੰਮਾਂ ਅਤੇ ਸਰਗਰਮ ਉਪਾਵਾਂ ਰਾਹੀਂ ਸੜਕ ਹਾਦਸਿਆਂ ਨੂੰ ਘਟਾਉਣਾ ਹੈ ਜੋ ਖੇਤਰ ਵਿੱਚ ਹਾਦਸਿਆਂ ਵਿੱਚ ਯੋਗਦਾਨ ਪਾਉਣ ਵਾਲੇ ਮੁੱਖ ਕਾਰਕਾਂ ਨੂੰ ਸੰਬੋਧਿਤ ਕਰਦੇ ਹਨ। ਫਾਊਂਡੇਸ਼ਨ ਚੀਫ਼ ਜੁਡੀਸ਼ੀਅਲ ਮੈਜਿਸਟਰੇਟ, ਜ਼ਿਲ੍ਹਾ ਟਰੈਫ਼ਿਕ ਪੁਲਿਸ ਅਤੇ ਸਥਾਨਕ ਭਾਈਚਾਰੇ ਤੋਂ ਮਿਲੇ ਸਹਿਯੋਗ ਲਈ ਧੰਨਵਾਦੀ ਹੈ, ਅਤੇ ਫ਼ਿਰੋਜ਼ਪੁਰ ਵਿੱਚ ਸੜਕ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਆਪਣੇ ਯਤਨਾਂ ਨੂੰ ਜਾਰੀ ਰੱਖਣ ਲਈ ਉਤਸੁਕ ਹੈ। ਇਸ ਮੁਹਿੰਮ ਵਿੱਚ ਪ੍ਰਿੰਸੀਪਲ ਰਾਜੇਸ਼ ਮਹਿਤਾ, ਰਾਜੀਵ ਸੇਤੀਆ, ਵਿਕਾਸ ਗੁੰਬਰ, ਸੰਦੀਪ ਸਹਿਗਲ, ਦੀਪਕ ਮਠਪਾਲ, ਅਰਨੀਸ਼ ਮੋਂਗਾ, ਰਾਕੇਸ਼ ਕੁਮਾਰ, ਦੀਪਕ ਨਰੂਲਾ, ਵਿਸ਼ਾਲ ਗੁਪਤਾ ਅਤੇ ਦੀਪਕ ਸ਼ਰਮਾ ਦਾ ਵਿਸ਼ੇਸ਼ ਸਹਿਯੋਗ ਰਿਹਾ।

ਰੋਜ਼ਾਨਾ ਲੋਕ ਬਾਣੀ www.lokbani

# ਪੰਜਾਬ ਸਰਕਾਰ ਕੰਪਿਊਟਰ ਅਧਿਆਪਕਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਦਾ ਵਾਅਦਾ ਤੁਰੰਤ ਪੂਰਾ ਕਰੇ : ਡੈਮੋਕ੍ਰੇਟਿਕ ਟੀਚਰਜ਼ ਫਰੰਟ




ਬਠਿੰਡਾ (ਲੋਕ ਬਾਣੀ)-ਪਿਛਲੇ 20 ਸਾਲਾਂ ਤੋਂ ਸਿੱਖਿਆ ਵਿਭਾਗ ਵਿੱਚ ਆਪਣੀਆਂ ਲਗਾਤਾਰ ਸੇਵਾਵਾਂ ਨਿਭਾ ਰਹੇ ਕੰਪਿਊਟਰ ਅਧਿਆਪਕਾਂ ਦੀ ਸੁਣਵਾਈ ਕਰਨ ਤੋਂ ਪੰਜਾਬ ਸਰਕਾਰ ਦੀ ਲਗਾਤਾਰ ਟਾਲਮਟੋਲ ਦੀ ਨੀਤੀ ਦਾ ਡਟਵਾਂ ਵਿਰੋਧ ਕਰਦੇ ਹੋਏ ਡੈਮੋਕ੍ਰੇਟਿਕ ਟੀਚਰ ਫ਼ਰੰਟ ਬਠਿੰਡਾ ਨੇ ਸਰਕਾਰ ਦੀ ਇਸ ਨੀਤੀ ਨੂੰ ਕੱਟੜ ਤਾਨਾਸ਼ਾਹੀ ਕਰਾਰ ਦਿੱਤਾ ਹੈ। ਆਪ ਸਰਕਾਰ ਦੀ ਡੰਗ ਟਪਾਊ ਨੀਤੀ ਦੀ ਜੋਰਦਾਰ ਨਿਖੇਧੀ ਕਰਦਿਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਬਠਿੰਡਾ ਦੇ ਜਿਲ੍ਹਾ ਪ੍ਰਧਾਨ ਰੇਸ਼ਮ ਸਿੰਘ ਅਤੇ ਸਕੱਤਰ ਜਸਵਿੰਦਰ ਸਿੰਘ ਨੇ ਕਿਹਾ ਕਿ ਹਰ ਰੰਗ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਅਧਿਆਪਕਾਂ ਨੂੰ ਸਿਵਾਏ ਲਾਰਿਆਂ ਦੇ ਕੁਝ ਵੀ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਆਪਕਾਂ ਨੂੰ ਰੈਗੂਲਰ ਕਰਨ ਦਾ ਨੋਟੀਫਿਕੇਸ਼ਨ ਤਤਕਾਲੀ ਰਾਜਪਾਲ ਪੰਜਾਬ ਵੱਲੋਂ ਕੀਤਾ ਗਿਆ ਸੀ, ਇਸਦੇ ਬਾਵਜੂਦ ਵੀ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਅਧਿਆਪਕਾਂ ਨੂੰ ਜਬਰੀ ਪਿਕਟਿਸ ਸੋਸਾਇਟੀ ਅਧੀਨ ਰੱਖਿਆ ਗਿਆ ਹੈ। ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ, ਮੀਤ ਪ੍ਰਧਾਨ ਵਿਕਾਸ ਗਰਗ, ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ ਅਤੇ ਵਿੱਤ ਸਕੱਤਰ ਅਨਿਲ ਭੱਟ ਨੇ ਕੰਪਿਊਟਰ ਅਧਿਆਪਕ ਜਥੇਬੰਦੀਆਂ ਵੱਲੋਂ ਲੜੇ ਜਾ ਰਹੇ ਹੱਕੀ ਘੋਲ ਦੀ ਡਟਵੀਂ ਹਮਾਇਤ ਕਰਦਿਆਂ ਕਿਹਾ ਕਿ ਉਕਤ ਜੱਥੇਬੰਦੀ ਦੇ ਆਗੂ ਜੋਨੀ ਸਿੰਗਲਾ ਨੂੰ ਲੱਗਭਗ 2 ਹਫਤੇ ਮਰਨ ਵਰਤ ਤੇ ਬੈਠੇ ਨੂੰ ਬੀਤ ਚੁੱਕੇ ਹਨ, ਪ੍ਰੰਤੂ ਪੰਜਾਬ ਸਰਕਾਰ ਜਾਣਬੁੱਝ ਕੇ ਮਸਲੇ ਦਾ ਹੱਲ ਕਰਨ ਦੀ ਥਾਂ ਮਸਲਾ ਉਲਝਾਉਣ ਦੇ ਰਾਹ ਤੁਰੀ ਹੋਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਆਪਕਾਂ ਵਿੱਚੋਂ ਕਾਫੀ ਸਾਰੇ ਅਧਿਆਪਕ ਵਿਭਾਗ ਵਿੱਚੋਂ ਖਾਲੀ ਹੱਥ ਸੇਵਾ ਮੁਕਤ ਹੋ ਚੁੱਕੇ ਹਨ, ਜੇਕਰ ਇਹੀ ਹਾਲ ਰਿਹਾ ਤਾਂ ਬਾਕੀ ਵੀ ਇਸੇ ਤਰ੍ਹਾਂ ਵਿਭਾਗ ਵਿੱਚੋਂ ਸੇਵਾ ਮੁਕਤੀ ਲੈਣਗੇ। ਉਨ੍ਹਾਂ ਸਿੱਖਿਆ ਮੰਤਰੀ ਪੰਜਾਬ ਤੋਂ ਪੁਰਜ਼ੋਰ ਮੰਗ ਕੀਤੀ ਕਿ ਕੰਪਿਊਟਰ ਅਧਿਆਪਕਾਂ ਨੂੰ ਬਿਨਾਂ ਕਿਸੇ ਦੇਰੀ ਦੇ ਸਿੱਖਿਆ ਵਿਭਾਗ ਵਿੱਚ ਪੂਰੇ ਤਨਖਾਹ ਸਕੇਲਾਂ ਸਮੇਤ ਮਰਜ ਕੀਤਾ ਜਾਵੇ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮਰਨ ਵਰਤ ਤੇ ਬੈਠੇ ਆਗੂ ਦਾ ਕਿਸੇ ਵੀ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਹੋਇਆ ਤਾਂ ਇਸ ਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਬਲਜਿੰਦਰ ਕੌਰ, ਰਣਦੀਪ ਕੌਰ ਖਾਲਸਾ, ਬਲਾਕ ਪ੍ਰਧਾਨ ਭੋਲਾ ਤਲਵੰਡੀ, ਰਾਜਵਿੰਦਰ ਸਿੰਘ ਜਲਾਲ, ਭੁਪਿੰਦਰ ਸਿੰਘ ਮਾਈਸਰਖਾਨਾ, ਬਲਕਰਨ ਕੋਟ ਸ਼ਮੀਰ, ਅਸ਼ਵਨੀ ਕੁਮਾਰ ਆਦਿ ਨੇ ਕੰਪਿਊਟਰ ਅਧਿਆਪਕਾਂ ਦੀ ਹੱਕੀ ਸੰਘਰਸ਼ ਨਾਲ ਇੱਕ ਮੁੱਠਤਾ ਦਿਖਾਉਂਦੇ ਹੋਏ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸਰਕਾਰ ਕੰਪਿਊਟਰ ਅਧਿਆਪਕਾਂ ਦੀਆਂ ਮੰਗਾਂ ਨੂੰ ਤੁਰੰਤ ਮੰਨੇ ਨਹੀਂ ਤਾਂ ਭਵਿੱਖ ਵਿੱਚ ਤਿੱਖੇ ਸੰਘਰਸ਼ਾਂ ਦਾ ਸਾਹਮਣਾ ਕਰਨ ਲਈ ਤਿਆਰ ਰਹੇ।

# ਸ਼ਹੀਦ ਸੈਨਿਕ ਪਵਨ ਲਈ ਪਿੰਡ ਚ ਸੋਗ ਦੀ ਲਹਿਰ, ਅੱਜ ਜੰਮੂ ਤੋਂ ਕਾਨਪੁਰ ਪਹੁੰਚੇਗੀ ਮ੍ਰਿਤਕ ਦੇਹ


ਪਵਨ ਯਾਦਵ, ਸ਼ਹੀਦ

ਕਾਨਪੁਰ ( ਸੁਨੀਲ ਬਾਜਪਾਈ ) ਕਾਨਪੁਰ ਦੇ ਸ਼ਿਵਰਾਜਪੁਰ ਦੇ ਪਿੰਡ ਦੁਰਗਾਪੁਰ ਦੇ ਰਹਿਣ ਵਾਲੇ ਫੌਜੀ ਜਵਾਨ ਪਵਨ ਯਾਦਵ (35) ਦਾ ਨਾਂ ਵੀ ਜੰਮੂ ਚ ਟਰੱਕ ਖਾਈ ਚ ਡਿੱਗਣ ਨਾਲ ਸ਼ਹੀਦ ਹੋਏ ਫੌਜੀਆਂ ਚ ਸ਼ਾਮਲ ਹੈ। ਸ਼ਹੀਦ ਪਵਨ ਯਾਦਵ ਦੀ ਦੇਹ ਸੋਮਵਾਰ ਨੂੰ ਜੰਮੂ-ਕਸ਼ਮੀਰ ਤੋਂ ਕਾਨਪੁਰ ਪਹੁੰਚਣ ਦੀ ਸੰਭਾਵਨਾ ਹੈ।

ਐਤਵਾਰ ਦੁਪਹਿਰ ਨੂੰ ਸਮਾਜਵਾਦੀ ਪਾਰਟੀ ਦੇ ਵਿਧਾਇਕ ਅਮਿਤਾਭ ਬਾਜਪਾਈ, ਸਪਾ ਨੇਤਾ ਮੁਨਿੰਦਰਾ ਸ਼ੁਕਲਾ ਸਪਾ ਦੇ ਇੱਕ ਸਮੂਹ ਦੇ ਨਾਲ ਇੱਕ ਫੌਜੀ ਦੇ ਘਰ ਪਹੁੰਚੇ। ਉਨ੍ਹਾਂ ਨੇ ਤਸਵੀਰ 'ਤੇ ਫੁੱਲ ਮਾਲਾਵਾਂ ਭੇਂਟ ਕਰਕੇ ਪਰਿਵਾਰਕ ਮੈਂਬਰਾਂ ਨੂੰ ਸ਼ਰਧਾਂਜਲੀ ਦਿੱਤੀ।

ਫੌਜੀ ਜਵਾਨ ਪਵਨ ਦੀ ਮੌਤ ਦੀ ਖ਼ਬਰ ਮਿਲਣ ਤੋਂ ਬਾਅਦ ਪਰਿਵਾਰ ਹੀ ਨਹੀਂ ਪਿੰਡ ਦੇ ਕਈ ਘਰਾਂ ਚ ਚੁੱਲ੍ਹਾ ਵੀ ਨਹੀਂ ਜਗਿਆ। ਇੱਥੇ ਸੈਂਕੜੇ ਲੋਕ ਅਤੇ ਔਰਤਾਂ ਘਰ ਦੇ ਬਾਹਰ ਲਾਈਟਾਂ ਜਗਾ ਕੇ ਸਾਰੀ ਰਾਤ ਲਾਸ਼ ਦਾ ਇੰਤਜ਼ਾਰ ਕਰਦੇ ਰਹੇ। ਘਰ ਵਿੱਚ ਰਿਸ਼ਤੇਦਾਰਾਂ ਅਤੇ ਨਜ਼ਦੀਕੀਆਂ ਨੂੰ ਮਿਲਣ ਦਾ ਸਿਲਸਿਲਾ ਜਾਰੀ ਹੈ। ਇਸ ਦੌਰਾਨ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਵੀ ਉੱਥੇ ਪਹੁੰਚ ਗਈ ਅਤੇ ਪ੍ਰਬੰਧ ਕਰਨ ਵਿੱਚ ਜੁਟੀ ਹੋਈ ਹੈ।

ਜਵਾਨ ਪਵਨ ਦੇ ਸ਼ਹੀਦ ਹੋਣ ਦੀ ਖ਼ਬਰ ਕਾਰਨ ਉਸ ਦੇ ਪਰਿਵਾਰ ਦਾ ਵੀ ਬਹੁਤ ਬੁਰਾ ਹਾਲ ਹੈ।

ਪਤਨੀ ਬੱਚਿਆਂ ਨੂੰ ਜੱਫੀ ਪਾ ਕੇ ਵਾਰ-ਵਾਰ ਰੋਂਦੀ ਰਹੀ ਅਤੇ ਬੇਹੋਸ਼ ਹੋ ਰਹੀ ਸੀ। ਮਾਂ, ਪਿਓ, ਭਰਜਾਈ ਅਤੇ ਬੱਚਿਆਂ ਦੇ ਹੰਝੂ ਉਨ੍ਹਾਂ ਦੇ ਨਾਲ-ਨਾਲ ਪਿੰਡ ਵਾਸੀਆਂ ਨੂੰ ਵੀ ਰੋ ਰਹੇ ਹਨ।

ਰੋਜ਼ਾਨਾ ਲੋਕ ਬਾਣੀ www.lokbani

ਸਮੁੱਚੇ ਪਿੰਡ ਵਿੱਚ ਸੋਗ ਦੀ ਲਹਿਰ ਹੈ। ਹਰ ਕੋਈ ਫੌਜੀ ਜਵਾਨ ਪਵਨ ਨੂੰ ਅੰਤਿਮ ਸ਼ਰਧਾਂਜਲੀ ਦੇਣ ਲਈ ਘਰ ਪਹੁੰਚ ਰਿਹਾ ਹੈ।

ਇਸ ਦੌਰਾਨ ਪਰਿਵਾਰਕ ਮੈਂਬਰਾਂ ਤੋਂ ਸੂਚਨਾ ਮਿਲੀ। ਉਨ੍ਹਾਂ ਮੁਤਾਬਕ ਪਵਨ ਦੀ ਮ੍ਰਿਤਕ ਦੇਹ ਐਤਵਾਰ ਰਾਤ ਜਾਂ ਸੋਮਵਾਰ ਸਵੇਰੇ ਜੰਮੂ ਤੋਂ ਦਿੱਲੀ ਅਤੇ ਫਿਰ ਦਿੱਲੀ ਤੋਂ ਕਾਨਪੁਰ ਹਵਾਈ ਅੱਡੇ ਤੇ ਉਨ੍ਹਾਂ ਦੇ ਪਿੰਡ ਪਹੁੰਚੇਗੀ।

ਯਾਦ ਰਹੇ, ਜੰਮੂ-ਕਸ਼ਮੀਰ ਦੇ ਬਾਂਦੀਪੋਰਾ ਜ਼ਿਲੇ ਚ ਬੀਤੇ ਸ਼ਨੀਵਾਰ ਦੁਪਹਿਰ ਨੂੰ ਫੌਜ ਦਾ ਇਕ ਟਰੱਕ ਖਾਈ ਚ ਡਿੱਗਣ ਕਾਰਨ 4 ਫੌਜੀਆਂ ਦੀ ਮੌਤ ਹੋ ਗਈ ਸੀ, ਜਦਕਿ 6 ਜ਼ਖਮੀ ਹੋ ਗਏ ਸਨ। ਇਨ੍ਹਾਂ ਵਿੱਚੋਂ ਕਈਆਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਇਸੇ ਹਾਦਸੇ ਵਿੱਚ ਕਾਨਪੁਰ ਸ਼ਿਵਰਾਜਪੁਰ ਥਾਣਾ ਖੇਤਰ ਦੇ ਦੁਰਗਾਪੁਰ ਪਿੰਡ ਦਾ ਰਹਿਣ ਵਾਲਾ ਸਿਪਾਹੀ ਪਵਨ ਯਾਦਵ ਵੀ ਸ਼ਹੀਦ ਹੋ ਗਿਆ ਸੀ।

**ਦੇਸ਼ਾਂ ਵਿਦੇਸ਼ਾਂ ਵਿੱਚ ਵਸਦੇ ਲੋਕ ਬਾਣੀ ਦੇ ਪਾਠਕਾਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ ਲੱਖ ਵਧਾਈਆਂ**

# ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਪੰਜਾਬ ਦੇ ਬਲਾਕ ਮਹਿਲ ਕਲਾਂ ਮਹੀਨਾਵਾਰ ਮੀਟਿੰਗ ਸੰਪਨ

ਮਹਿਲ ਕਲਾਂ, (ਲੋਕ ਬਾਣੀ) ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਪੰਜਾਬ (ਰਜਿਸਟਰਡ ਨੰਬਰ 295) ਦੇ ਬਲਾਕ ਮਹਿਲ ਕਲਾਂ ਦੀ ਮਹੀਨਾਵਾਰ ਮੀਟਿੰਗ ਗੋਲਡਨ ਕਲੋਨੀ, ਮਹਿਲ ਕਲਾਂ ਵਿਖੇ ਡਾਕਟਰ ਸੁਰਜੀਤ ਸਿੰਘ ਛਾਪਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਬਲਾਕ, ਜ਼ਿਲ੍ਹਾ ਅਤੇ ਸੂਬਾ ਪੱਧਰ ਦੇ ਪ੍ਰਮੁੱਖ ਡਾਕਟਰਾਂ ਨੇ ਹਿੱਸਾ ਲਿਆ।

ਮੀਟਿੰਗ ਦੌਰਾਨ ਡਾਕਟਰ ਮਿੱਠੂ ਮੁਹੰਮਦ ਮਹਿਲ ਕਲਾਂ ਅਤੇ ਡਾਕਟਰ ਪਰਮੇਸ਼ਰ ਸਿੰਘ ਨੇ ਖਨੌਰੀ ਬਾਰਡਰ 'ਤੇ ਕਿਸਾਨੀ ਸੰਘਰਸ਼ ਵਿੱਚ ਮੈਡੀਕਲ ਐਸੋਸੀਏਸ਼ਨ ਦੀਆਂ ਲਗਾਤਾਰ ਸੇਵਾਵਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਸੰਘਰਸ਼ ਦੌਰਾਨ, ਐਸੋਸੀਏਸ਼ਨ ਨੇ ਲਗਾਤਾਰ ਮੁਫ਼ਤ ਮੈਡੀਕਲ ਕੈਂਪ ਲਗਾ ਕੇ ਹਜ਼ਾਰਾਂ ਕਿਸਾਨਾਂ ਨੂੰ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ। ਇਹ ਸੇਵਾਵਾਂ ਸਿਰਫ਼ ਰੁਟੀਨ ਇਲਾਜ ਤੱਕ ਸੀਮਿਤ ਨਹੀਂ ਸਨ,ਬਲਕਿ ਕਿਸਾਨਾਂ ਨੂੰ ਸਿਹਤ ਸੰਬੰਧੀ ਜਾਣਕਾਰੀ ਅਤੇ ਬਿਮਾਰੀਆਂ ਦੇ ਰੋਕਥਾਮ ਲਈ ਵਧੀਆ ਸਲਾਹ ਵੀ ਮੁਹੱਈਆ ਕਰਵਾਈ ਜਾਂਦੀ ਹੈ। ਮੀਟਿੰਗ ਵਿੱਚ ਇਹ ਸਪੱਸ਼ਟ ਕੀਤਾ ਗਿਆ ਕਿ ਐਸੋਸੀਏਸ਼ਨ ਅੱਗੇ ਵੀ ਅਜਿਹੇ ਸਮਾਜਿਕ ਯਤਨਾਂ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਵਚਨਬੱਧ ਹੈ।

ਜਿਲਾ ਪ੍ਰਧਾਨ ਡਾਕਟਰ ਕੇਸਰ ਖਾਨ ਅਤੇ ਡਾਕਟਰ ਗਗਨਦੀਪ ਸ਼ਰਮਾ ਨੇ ਡਿਜੀਟਲ ਇਨੋਵੇਸ਼ਨ 'ਤੇ ਚਰਚਾ ਕਰਦਿਆਂ ਕਿਹਾ ਕਿ ਮੈਡੀਕਲ ਐਸੋਸੀਏਸ਼ਨ ਵੱਲੋਂ 2025 ਦੇ ਦੌਰਾਨ ਸਾਰੇ ਡਾਕਟਰਾਂ ਨੂੰ ਡਿਜੀਟਲ ਲੋਗੋ, ਡਿਜੀਟਲ ਆਈ-ਕਾਰਡ, ਡਿਜੀਟਲ ਸਰਟੀਫਿਕੇਟ



ਅਤੇ ਕਲੀਨਿਕ ਸਾਈਨਬੋਰਡ ਜਾਰੀ ਕਰਨ ਦੀ ਯੋਜਨਾ ਹੈ। ਇਹ ਡਿਜੀਟਲ ਪ੍ਰਣਾਲੀ ਡਾਕਟਰਾਂ ਦੀ ਪਹਿਚਾਨ ਨੂੰ ਆਸਾਨ ਬਣਾਵੇਗੀ ਅਤੇ ਮਰੀਜ਼ਾਂ ਵਿੱਚ ਭਰੋਸਾ ਵਧਾਏਗੀ। ਡਾਕਟਰ ਬਲਿਹਾਰ ਸਿੰਘ ਡਾਕਟਰ ਬਲਜੀਤ ਸਿੰਘ, ਡਾਕਟਰ ਸੁਖਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਬਲਾਕ ਮਹਿਲ ਕਲਾਂ ਦਾ ਸਲਾਨਾ ਇਜਲਾਸ ਫਰਵਰੀ ਮਹੀਨੇ ਵਿੱਚ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਇਜਲਾਸ ਵਿੱਚ ਬਲਾਕ ਅਤੇ ਜ਼ਿਲ੍ਹਾ ਪੱਧਰ ਦੇ ਮੁੱਖ ਮੁੱਦੇ ਚਰਚਾ ਲਈ ਲਿਆਂਦੇ ਜਾਣਗੇ ਅਤੇ ਅਗਲੇ ਸਾਲ ਦੀ ਯੋਜਨਾਵਾਂ ਨੂੰ ਤਿਆਰ ਕੀਤਾ ਜਾਵੇਗਾ। ਅਖੀਰ ਵਿੱਚ ਬਲਾਕ ਪ੍ਰਧਾਨ ਡਾਕਟਰ ਸੁਰਜੀਤ ਸਿੰਘ ਛਾਪਾ ਨੇ ਮੀਟਿੰਗ ਵਿੱਚ ਸ਼ਮੂਲੀਅਤ ਕਰਨ ਵਾਲੇ ਸਾਰੇ ਡਾਕਟਰ ਸਾਥੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੈਡੀਕਲ ਐਸੋਸੀਏਸ਼ਨ ਸਿਰਫ ਮੈਡੀਕਲ ਖੇਤਰ ਦੇ ਵਿਕਾਸ ਲਈ ਹੀ ਨਹੀਂ, ਸਗੋਂ ਸਮਾਜਿਕ ਸੇਵਾਵਾਂ ਵਿੱਚ ਵੀ ਮੋਹਰੀ ਰੋਲ ਅਦਾ ਕਰ ਰਹੀ ਹੈ। ਇਹ ਮੀਟਿੰਗ ਮਿਲ-ਬੈਠਣ, ਆਪਸੀ ਸਾਂਝ ਨੂੰ ਮਜ਼ਬੂਤ ਕਰਨ ਅਤੇ ਪ੍ਰੋਫੈਸ਼ਨਲ ਵਿਕਾਸ ਲਈ ਇੱਕ ਨਵਾਂ ਪੰਨਾ ਸਾਬਤ ਹੋਈ।

ਇਸ ਸਮੇਂ ਮੀਡੀਆ ਇੰਚਾਰਜ ਪੰਜਾਬ ਡਾਕਟਰ ਮਿੱਠੂ ਮੁਹੰਮਦ ਮਹਿਲ ਕਲਾਂ, ਸੂਬਾ ਆਗੂ ਡਾਕਟਰ ਪਰਮੇਸ਼ਰ ਸਿੰਘ ਬਰਨਾਲਾ, ਜਿਲਾ ਪ੍ਰਧਾਨ ਡਾਕਟਰ ਕੇਸਰ ਖਾਨ ਮਲਿਕ,ਜਿਲਾ ਆਗੂ ਡਾਕਟਰ ਗਗਨਦੀਪ ਸ਼ਰਮਾ, ਬਲਾਕ ਪ੍ਰਧਾਨ ਡਾਕਟਰ ਸੁਰਜੀਤ ਸਿੰਘ ਛਾਪਾ, ਬਲਾਕ ਸਕੱਤਰ ਬਲਜੀਤ ਸਿੰਘ ਗੁਮਟੀ,ਬਲਾਕ ਵਿੱਤ ਸਕੱਤਰ ਡਾਕਟਰ ਸੁਖਵਿੰਦਰ ਸਿੰਘ ਬਾਪਲਾ, ਬਲਾਕ ਚੇਅਰਮੈਨ ਡਾਕਟਰ ਬਲਿਹਾਰ ਸਿੰਘ ਗੋਵਿੰਦਗੜ,ਡਾਕਟਰ ਕੁਲਵੰਤ ਸਿੰਘ, ਡਾਕਟਰ ਜਸਬੀਰ ਸਿੰਘ ਜੱਸੀ,ਡਾਕਟਰ ਹਾਕਮ ਸਿੰਘ, ਡਾਕਟਰ ਬੂਟਾ ਸਿੰਘ, ਡਾਕਟਰ ਸੁਖਪਾਲ ਸਿੰਘ, ਡਾਕਟਰ ਸੁਬੇਗ ਮੁਹੰਮਦ, ਡਾਕਟਰ ਸੁਖਵਿੰਦਰ ਸਿੰਘ, ਡਾਕਟਰ ਸ਼ੇਰ ਸਿੰਘ ਰਵੀ,ਡਾਕਟਰ ਨਾਹਰ ਸਿੰਘ, ਡਾਕਟਰ ਭੁਪਿੰਦਰ ਸਿੰਘ ,ਡਾਕਟਰ ਬਲਦੇਵ ਸਿੰਘ ਆਦਿ ਹਾਜ਼ਰ ਹੋਏ।

# ਡੇਰਾਬੱਸੀ ਵਿਖੇ 6 ਏਕੜ 7 ਕਨਾਲ 13 ਮਰਲੇ ਵਿੱਚ ਨਵੇ ਅਦਾਲਤੀ ਕੰਪਲੈਕਸ ਦੀ ਉਸਾਰੀ ਲਈ ਪੰਜਾਬ ਸਰਕਾਰ ਨੇ ਕਾਨੂੰਨ ਵਿਭਾਗ ਦੇ ਨਾਂਅ ਕਰਵਾਈ ਰਜਿਸਟਰੀ

ਡੇਰਾਬੱਸੀ, (ਲੋਕ ਬਾਣੀ)--

ਡੇਰਾਬੱਸੀ ਵਿਖੇ ਨਵੇਂ ਅਦਾਲਤੀ ਕੰਪਲੈਕਸ ਲਈ ਜ਼ਮੀਨ ਦੀ ਰਜਿਸਟਰੀ ਦਾ ਲੰਮੇ ਸਮੇਂ ਤੋਂ ਲਟਕਿਆ ਕੰਮ ਸ਼ੁੱਕਰਵਾਰ ਨੂੰ ਪੂਰਾ ਹੋ ਗਿਆ। ਦੱਸਣਯੋਗ ਹੈ ਕਿ ਨਵੇਂ ਅਦਾਲਤੀ ਕੰਪਲੈਕਸ ਲਈ ਅੰਬਾਲਾ ਚੰਡੀਗੜ੍ਹ ਨੈਸ਼ਨਲ ਹਾਈਵੇਅ ਤੇ ਸਥਿਤ ਪਿੰਡ ਜਵਾਹਰਪੁਰ ਦੀ 6 ਏਕੜ 7 ਕਨਾਲ 13 ਮਰਲੇ ਜ਼ਮੀਨ ਦੀ ਰਜਿਸਟਰੀ ਪੰਜਾਬ ਸਰਕਾਰ ਦੇ ਕਾਨੂੰਨ ਵਿਭਾਗ ਦੇ ਨਾਂਅ ਕਰਵਾ ਦਿੱਤੀ ਹੈ। ਇਹ ਰਜਿਸਟਰੀ ਬਿਨਾਂ ਸਟੈਂਪ ਡਿਊਟੀ ਤੋਂ ਪਿੰਡ ਦੇ ਸਰਪੰਚ ਗੁਰਪ੍ਰੀਤ ਸਿੰਘ ਵੱਲੋਂ ਪੰਚਾਇਤ ਜਵਾਹਰਪੁਰ ਦੀ ਤਰਫੋਂ ਕਰਵਾਈ ਗਈ, ਜਦੋਂਕਿ ਖਰੀਦਦਾਰ ਵੱਲੋਂ ਐਸਡੀਐਮ ਡੇਰਾਬੱਸੀ ਹਾਜ਼ਰ ਸਨ। ਜਿਸ ਤੋਂ ਬਾਅਦ ਜਮੀਨ ਦੀ ਰਜਿਸਟਰੀ ਦੇ ਬਦਲੇ ਕੁੱਲ 5 ਕਰੋੜ 28 ਲੱਖ 83 ਹਜ਼ਾਰ 333 ਰੁਪਏ ਜਵਾਹਰਪੁਰ ਪੰਚਾਇਤ ਨੂੰ ਵੀ ਅਦਾ ਕੀਤੇ ਗਏ ਹਨ। ਇਹ ਸਾਰਾ ਕੰਮ ਹਲਕਾ ਵਿਧਾਇਕ ਕੁਲਜੀਤ ਰੰਧਾਵਾ ਦੇ ਯਤਨਾਂ ਸਦਕਾ ਹੀ ਸੰਭਵ ਹੋਇਆ। ਜਿਸ ਤੋਂ ਬਾਅਦ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਜ਼ਮੀਨ ਦੀ ਰਜਿਸਟਰੇਸ਼ਨ ਸਬੰਧੀ ਐਸਡੀਐਮ ਅਤੇ ਤਹਿਸੀਲਦਾਰ ਸਮੇਤ ਪੂਰੇ ਪ੍ਰਸ਼ਾਸਨ ਨੂੰ ਵਧਾਈ ਦਿੱਤੀ।

ਇਸ ਸਬੰਧੀ ਐਸਡੀਐਮ ਡੇਰਾਬੱਸੀ ਅਮਿਤ ਗੁਪਤਾ ਨੇ ਦੱਸਿਆ ਕਿ ਅਦਾਲਤੀ ਕੰਪਲੈਕਸ ਦੀ ਜ਼ਮੀਨ ਦਾ ਸੌਦਾ 76 ਲੱਖ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਹੋਇਆ ਸੀ। ਪਿੰਡ ਜਵਾਹਰਪੁਰ ਦੀ ਪੰਚਾਇਤ ਦੇ ਖਾਤੇ ਵਿੱਚ ਪਹਿਲਾਂ ਹੀ ਬਿਆਨੇ ਵਜੋਂ ਇੱਕ ਕਰੋੜ 6 ਲੱਖ ਰੁਪਏ ਜਾਰੀ ਕੀਤੇ ਜਾ ਚੁੱਕੇ ਸੀ ਅਤੇ ਸ਼ੁੱਕਰਵਾਰ ਨੂੰ ਰਜਿਸਟਰੀ ਹੋਣ ਦੇ ਨਾਲ ਹੀ ਬਾਕੀ 4 ਕਰੋੜ 22 ਲੱਖ ਰੁਪਏ ਵੀ ਪਿੰਡ ਦੇ ਖਾਤੇ ਵਿੱਚ ਜਾਰੀ ਕਰ ਦਿੱਤੇ ਗਏ ਹਨ। ਇਹ ਰਜਿਸਟਰੀ ਬਿਨਾਂ ਸਟੈਂਪ ਡਿਊਟੀ ਅਤੇ ਹੋਰ ਫੀਸਾਂ ਤੋਂ ਪੰਜਾਬ ਸਰਕਾਰ ਦੇ ਡਿਪਾਰਮੈਂਟ ਆਫ ਹੋਮ ਅਫੇਅਰ ਐਂਡ ਜਸਟਿਸ ਦੇ ਨਾਂਅ 'ਤੇ ਕੀਤੀ ਗਈ ਹੈ।



ਦੱਸਣਯੋਗ ਹੈ ਕਿ ਸਾਲ 2005 ਵਿੱਚ ਉਸ ਸਮੇਂ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਇਸ ਵੱਲੋਂ ਤਹਿਸੀਲ ਕੰਪਲੈਕਸ ਦਾ ਉਦਘਾਟਨ ਕੀਤਾ ਗਿਆ ਸੀ। ਜਿਸ ਵਿਚ ਐਸਡੀਐਮ ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਦੇ ਦਫ਼ਤਰ ਅਤੇ ਅਦਾਲਤ ਮੌਜੂਦ ਸਨ। ਜਿਸ ਤੋਂ ਬਾਅਦ ਸਾਲ 2008 ਵਿੱਚ ਮਰਹੂਮ ਅਕਾਲੀ ਆਗੂ ਅਤੇ ਸਹਿਕਾਰਤਾ ਮੰਤਰੀ ਕੈਪਟਨ ਕੰਵਲਜੀਤ ਸਿੰਘ ਵੱਲੋਂ ਇਲਾਕਾ ਵਾਸੀਆਂ ਦੀ ਮੰਗ ਨੂੰ ਮੱਦੇਨਜ਼ਰ ਰੱਖਦਿਆਂ ਆਰਜ਼ੀ ਤੌਰ ਤੇ ਤਹਿਸੀਲ ਕੰਪਲੈਕਸ ਵਿੱਚ ਇੱਕ ਅਦਾਲਤ ਬਣਾਈ ਗਈ ਸੀ। ਜਿਸ ਤੋਂ ਬਾਅਦ ਅੱਜ ਡੇਰਾਬੱਸੀ ਤਹਿਸੀਲ ਕੰਪਲੈਕਸ ਵਿੱਚ ਤਿੰਨ ਜੁਡੀਸ਼ੀਅਲ ਅਦਾਲਤਾਂ ਅਤੇ ਇੱਕ ਫੈਮਿਲੀ ਅਦਾਲਤ ਚੱਲ ਰਹੀ ਹੈ। ਬੀਤੇ ਕੁੱਝ ਦਿਨ ਪਹਿਲਾਂ ਡੇਰਾਬੱਸੀ ਤਹਿਸੀਲ ਕੰਪਲੈਕਸ ਦਾ ਦੌਰਾ ਕਰਨ ਪੁੱਜੇ ਜ਼ਿਲ੍ਹਾ ਸੈਸ਼ਨ ਜੱਜ ਅਤੁੱਲ ਕਸਾਨਾ ਨੇ ਇਥੇ ਤਿੰਨ ਹੋਰ ਨਵੀ ਅਦਾਲਤ ਕਾਇਮ ਕਰਨ ਲਈ ਦੌਰਾ ਕੀਤਾ ਸੀ। ਜਿਸ ਦੀ ਕਾਰਵਾਈ ਜੁਡੀਸ਼ੀਅਲ ਵਿਭਾਗ ਵੱਲੋਂ ਸ਼ੁਰੂ ਕਰ ਦਿੱਤੀ ਹੈ। ਜਿਸ ਤੋਂ ਬਾਅਦ ਹੁਣ ਡੇਰਾਬੱਸੀ ਵਿਖੇ ਅਦਾਲਤਾਂ ਦੀ ਗਿਣਤੀ ਵਧਕੇ ਸੱਤ ਹੋ ਜਾਵੇਗੀ। ਜਿਸ ਤੋਂ ਬਾਅਦ ਲੋਕਾਂ ਨੂੰ ਇਨਸਾਫ਼ ਮਿਲਣ ਵਿਚ ਦੇਰੀ ਨਹੀਂ ਹੋਵੇਗੀ ਅਤੇ ਜਲਦ ਹੀ ਸਾਲਾਂ ਤੋਂ ਲਟਕ ਰਹੇ ਮੁਕੱਦਮਿਆਂ ਦੇ ਫੈਸਲੇ ਹੋਣੇ ਸ਼ੁਰੂ ਹੋ ਜਾਣਗੇ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
More Than: 56 Colleges & Schools • 200 Merit Positions • 125 Companies For Placements • 75 Academic Courses • 2000 Placements in 2022-2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com